SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property

905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
*Award winning news paper* | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney

Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 23* Issue 221** | **Tuesday, 03 December 2024** | **Tel: 905-793-2202 | Fax: 905-793-2282 | news@punjabipost.ca** ਤੁਸੀਂ ‘ਪੰਜਾਬੀ ਪੋਸਟ’ ***Online***ਰੋਜ਼ਾਨਾ ਪੜ੍ਹ ਸਕਦੇ ਹੋ

MagGas Medical
Brampton
MGM
MAGGAS MEDICAL INC.
Helping you breathe deep and rest easy.
- CPAP ਮਸ਼ੀਨਾਂ, ਮਾਸਕ ਅਤੇ ਸਪਲਾਈ
- ਮੁਫ਼ਤ ਸਲਾਹ
- ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ
- ਓਨਟਾਰੀਓ ਵਰਕਸ ਲਈ ਮੁਫ਼ਤ
- ਮੁਫ਼ਤ ਡਿਲੀਵਰੀ

(647) 954-9885
20 Maritime Ont Blvd
Unit 15
Brampton, ON L6S 0C2

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Cockroaches
- Spiders & Fleas
- Carpenter Ants
- Bedbugs
- Silver Fish
- Wasps
- Racoons

Call : PARESH PATEL
(Government Approved Licensed Technician)
416 938 4598

# ਪਿਕਰਿੰਗ ਵਿੱਚ 25 ਸਾਲਾ ਨੌਜਵਾਨ ਨੇ ਕੀਤਾ ਮਾਂ ਦਾ ਕਤਲ, ਪੁਲਿਸ ਨੇ ਕੀਤਾ ਗ੍ਰਿਫ਼ਤਾਰ

ਟੋਰਾਂਟੋ, 2 ਦਸੰਬਰ (ਪੋਸਟ ਬਿਊਰੋ): ਪੁਲਿਸ ਨੇ ਦੱਸਿਆ ਕਿ ਪਿਕਰਿੰਗ ਵਿੱਚ ਐਤਵਾਰ ਸਵੇਰੇ ਆਪਣੀ ਮਾਂ ਦਾ ਕਤਲ ਦੇ ਦੋਸ਼ ਵਿਚ 25 ਸਾਲਾ ਨੌਜਵਾਨ ’ਤੇ ਸੈਕੰਡ ਡਿਗਰੀ ਕਤਲ ਦੇ ਚਾਰਜਿਜ਼ ਲਗਾਏ ਗਏ ਹਨ।



ਇਹ ਘਟਨਾ ਫਾਕਸਵੁਡ ਟਰੇਲ ਕੋਲ ਵੇਇਬਰਨ ਸਕਵਾਇਰ ’ਤੇ ਹੋਈ, ਜੋ ਵਹਾਈਟਸ ਰੋਡ ਦੇ ਪੱਛਮ ਵਿੱਚ ਅਤੇ ਸ਼ੇਪਰਡ ਐਵੇਨਿਊ ਈਸਟ ਦੇ ਉੱਤਰ ਵਿੱਚ ਹੈ।

ਦਰਹਮ ਰੀਜਨਲ ਪੁਲਿਸ ਸਰਵਿਸ (ਡੀਆਰਪੀਐੱਸ) ਨੇ ਕਿਹਾ ਕਿ ਉਨ੍ਹਾਂ ਨੂੰ ਸਵੇਰੇ ਕਰੀਬ 5:10 ਵਜੇ ਉਸ ਇਲਾਕੇ ਵਿੱਚ ਬੁਲਾਇਆ ਗਿਆ ਸੀ। ਪੁਲਿਸ ਨੇ ਕਿਹਾ ਕਿ ਘਟਨਾ ਸਥਾਨ ’ਤੇ ਅਧਿਕਾਰੀਆਂ ਨੇ ਗੰਭੀਰ ਸੱਟਾਂ ਲੱਗੇ ਇੱਕ ਔਰਤ ਨੂੰ ਵੇਖਿਆ।

ਪੁਲਿਸ ਅਧਿਕਾਰੀ ਆਂਦਰੇ ਵਾਇਟ ਨੇ ਕਿਹਾ ਕਿ ਉਸਨੂੰ ਟੋਰਾਂਟੋ ਦੇ ਇੱਕ ਟਰਾਮਾ ਸੈਂਟਰ ਲਿਜਾਇਆ ਗਿਆ, ਜਿੱਥੇ ਕੁੱਝ ਦੇਰ ਬਾਅਦ ਉਸਨੂੰ ਮ੍ਰਿਤਕ ਐਲਾਨ ਦਿੱਤਾ ਗਿਆ।

ਘਟਨਾ ਸਥਾਨ ’ਤੇ ਪੱਤਰਕਾਰਾਂ ਨਾਲ ਗੱਲ ਕਰਦੇ ਹੋਏ ਉਨ੍ਹਾਂ ਨੇ ਕਿਹਾ ਕਿ ਪੀੜਤਾ ਦੀ ਪਹਿਚਾਣ 64 ਸਾਲਾ ਸ਼ੀਲਾ ਹਰਕਿਊਲਿਸ ਦੇ ਰੂਪ ਵਿੱਚ ਹੋਈ ਹੈ। ਉਹ ਦਰਹਮ ਰੀਜਨ ਦੀ ਸਾਲ ਦੇ 10ਵੇਂ ਕਤਲ ਦੀ ਸ਼ਿਕਾਰ ਹੈ। ਪੁਲਿਸ ਨੇ ਦੱਸਿਆ ਕਿ ਉਸਦੇ ਕਤਲ ਦਾ ਮੁਲਜ਼ਮ 25 ਸਾਲਾ ਏਡਨ ਹਰਕਿਊਲਿਸ ਹੈ। ਡੀਪੀਆਰਐੱਸ ਨੇ ਕਿਹਾ ਕਿ ਪੀੜਿਤਾ ਦੀ ਮੌਤ ਉਸਦੇ ਬੇਟੇ ਦੁਆਰਾ ਹਮਲਾ ਕੀਤੇ ਜਾਣ ਤੋਂ ਬਾਅਦ ਹੋਈ।

ਵਾਇਟ ਨੇ ਦੱਸਿਆ ਕਿ ਹਰਕਿਊਲਿਸ ਨੂੰ ਘਟਨਾ ਸਥਲ ’ਤੇ ਹੀ ਗ੍ਰਿਫ਼ਤਾਰ ਕਰ ਲਿਆ ਗਿਆ ਸੀ। ਉਨ੍ਹਾਂ ਨੇ ਦੱਸਿਆ ਕਿ ਉਸਨੂੰ ਹਸਪਤਾਲ ਲਿਜਾਇਆ ਗਿਆ ਪਰ ਉਦੋਂ ਤੋਂ ਉਸਨੂੰ ਹਿਰਾਸਤ ਵਿੱਚ ਰੱਖਿਆ ਗਿਆ ਹੈ।

Law Office of Aman Sharma
- Real Estate
- Commercial Lease
- Business Purchase & Sale
- Notarizations & Affidavits
- Wills & Power Of Attorney

Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
*Providing excellent quality legal services to our clients*

ਨਵਾਂ ਘਾਹ ਲਵਾਉ | 647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਕਰਜ਼ੇ ਦੀ ਸਿਰਦਰਦੀ ?
www.MakeMeDebtFree.ca
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?

ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
Late Evening and Weekends Appointments Available 1888 864 3131
Jasbir Singh Hundal
Qualified Credit Counsellor
416-502-3100
Unit #20 - 7015 Tranmere Drive Mississauga, ON L5S 1T7

# ਕੈਨੇਡਾ ਦਾ ਮੌਸਮ: -50 ਡਿਗਰੀ ਤੱਕ ਠੰਡੀ ਹਵਾਵਾਂ, 50 ਸੈਂਟੀਮੀਟਰ ਤੱਕ ਬਰਫਬਾਰੀ

ਓਟਵਾ, 2 ਦਸੰਬਰ (ਪੋਸਟ ਬਿਊਰੋ): ਦਸੰਬਰ ਦਾ ਦੂਜਾ ਦਿਨ ਸ਼ੁਰੂ ਹੁੰਦੇ ਹੀ, ਤੱਟ ਤੋਂ ਤੱਟ ਤੱਕ ਕੈਨੇਡਾ ਦੇ ਲੋਕ ਠੰਡ ਦਾ ਸਾਹਮਣਾ ਕਰ ਰਹੇ ਹਨ। ਗਰੇਟ ਲੇਕਸ ਖੇਤਰ ਵਿੱਚ ਭਾਰੀ ਬਰਫਬਾਰੀ ਅਤੇ ਤੂਫਾਨ ਤੋਂ ਲੈ ਕੇ ਪ੍ਰੇਇਰੀਜ਼ ਵਿੱਚ ਕੜਾਕੇ ਦੀ ਠੰਡ ਤੱਕ, ਲੋਕਾਂ ਨੂੰ ਮੌਸਮ ਦਾ ਮਿਲਿਆ-ਜੁਲਿਆ ਰੂਪ ਦੇਖਣ ਨੂੰ ਮਿਲ ਰਿਹਾ ਹੈ।



ਪ੍ਰੇਇਰੀਜ

ਕੈਲਗਰੀ ਅਤੇ ਐਡਮਿੰਟਨ ਵਿੱਚ ਠੰਡ ਤੋਂ ਥੋੜ੍ਹੀ ਰਾਹਤ ਮਿਲੀ ਹੈ, ਕਿਉਂਕਿ ਹਫ਼ਤੇ ਦਾ ਤਾਪਮਾਨ ਸਿਫ਼ਰ ਤੋਂ ਉੱਪਰ ਰਿਹਾ।

ਠੰਡ ਦੱਖਣ ਅਲਬਰਟਾ ਅਤੇ ਸਸਕੇ-ਚੇਵਾਨ ਵਿੱਚ ਵੀ ਪੈ ਰਹੀ ਹੈ। ਸਵੇਰ ਦਾ ਤਾਪਮਾਨ ਠੰਡਾ ਰਹਿਣ ਵਾਲਾ ਹੈ। ਰੇਜਿਨਾ ਵਿੱਚ -14 ਡਿਗਰੀ ਸੈਲਸੀਅਸ ਅਤੇ ਸਾਸਕਾਟੂਨ ਵਿੱਚ -12 ਡਿਗਰੀ ਸੈਲਸੀਅਸ ਤੱਕ ਤਾਪਮਾਨ ਰਹਿਣ ਦਾ ਅਨੁਮਾਨ ਹੈ।

ਮੈਨਿਟੋਬਾ ਵਿੱਚ ਵੀ ਠੰਡ ਦਾ ਅਜਿਹਾ ਹੀ ਰੁਖ਼ ਦੇਖਣ ਨੂੰ ਮਿਲ ਰਿਹਾ ਹੈ। ਜਿੱਥੇ ਸੋਮਵਾਰ ਨੂੰ ਵਿੰਨੀਪੇਗ ਵਿੱਚ ਤਾਪਮਾਨ -12 ਡਿਗਰੀ ਸੈਲਸੀਅਸ ਤੱਕ ਪਹੁੰਚ ਗਿਆ, ਜਦੋਂਕਿ ਮੰਗਲਵਾਰ ਨੂੰ ਇਹ -5 ਡਿਗਰੀ ਸੈਲਸੀਅਸ ਤੱਕ ਪਹੁੰਚ ਗਿਆ।

ਓਂਟਾਰੀਓ ਅਤੇ ਕਿਊਬੇਕ ਵਿੱਚ ਬਰਫਬਾਰੀ ਹੋ ਰਹੀ ਹੈ, ਖਾਸ ਤੌਰ ਉੱਤੇ ਗਰੇਟ ਲੇਕਸ ਦੇ ਖੇਤਰਾਂ ਵਿੱਚ, ਜਿਸ ਵਿੱਚ ਨਿਊਯਾਰਕ ਅਤੇ ਮਿਸ਼ੀਗਨ ਵਰਗੇ ਅਮਰੀਕੀ ਰਾਜ ਸ਼ਾਮਿਲ ਹਨ।

ਕੁੱਝ ਖੇਤਰਾਂ ਵਿੱਚ 50 ਸੈਂਟੀਮੀਟਰ ਤੱਕ ਬਰਫਬਾਰੀ ਹੋਈ ਹੈ, ਖਾਸ ਤੌਰ ’ਤੇ ਹੂਰੋਨ ਝੀਲ ਅਤੇ ਜਾਰਜਿਆਈ ਖਾੜੀ ਕੋਲ ਬਰਫਬਾਰੀ ਹੋਈ ਹੈ। ਓਵੇਨ ਸਾਊਂਡ, ਲੰਡਨ ਅਤੇ ਸਟਰੈਟਫੋਰਡ ਵਰਗੇ ਓਂਟਾਰੀਓ ਖੇਤਰਾਂ ਲਈ ਬਰਫਬਾਰੀ ਦੀ ਚਿਤਾਵਨੀ ਜਾਰੀ ਕੀਤੀ ਗਈ ਹੈ। ਇੱਥੇ ਬਰਫਬਾਰੀ ਦੀ ਵੱਧ ਤੋਂ ਵੱਧ ਦਰ ਪੰਜ ਤੋਂ 10 ਸੈਂਟੀਮੀਟਰ ਪ੍ਰਤੀ ਘੰਟਾ ਹੋ ਸਕਦੀ ਹੈ।

ਇਸ ਹਫ਼ਤੇ ਦੇ ਅੰਤ ਵਿੱਚ ਓਂਟਾਰਯੋ ਅਤੇ ਕਿਊਬੇਕ ਵਿੱਚ ਦਿਨ ਦੇ ਸਮੇਂ ਦੇ ਤਾਪਮਾਨ ਨੂੰ ਪ੍ਰਭਾਵਿਤ ਕਰਨ ਲਈ ਹਵਾ ਦਾ ਕਹਿਰ ਹੋ ਸਕਦਾ ਹੈ। ਮੌਸਮ ਵਿਗਿਆਨੀਆਂ ਅਨੁਸਾਰ ਉਪਰੀ ਹਵਾ ਪੈਟਰਨ ਵਿੱਚ ਇੱਕ ਜੇਟ ਸਟਰੀਮ ਨੂੰ ਦੱਖਣ ਵੱਲ ਧਕੇਲ ਦੇਵੇਗਾ, ਜਿਸ ਨਾਲ ਇਨ੍ਹਾਂ ਖੇਤਰਾਂ ਵਿੱਚ ਠੰਡੀਆਂ ਹਵਾਵਾਂ ਚੱਲਣਗੀਆਂ।

# ਟਰੰਪ ਨੇ ਦੋ ਸੰਬੰਧੀਆਂ ਨੂੰ ਵੱਡੀ ਜ਼ਿੰਮੇਵਾਰੀ ਦਿੱਤੀ, ਇੱਕ ਨੂੰ ਮੱਧ ਪੂਰਬ ਦੇ ਮਾਮਲਿਆਂ ਦੇ ਸਲਾਹਕਾਰਅ ਤੇ ਦੂਜੇ ਨੂੰ ਫਰਾਂਸ ਦੇ ਰਾਜਦੂਤ ਬਣਾਉਣਗੇ

ਵਾਸ਼ਿੰਗਟਨ, 2 ਦਸੰਬਰ (ਪੋਸਟ ਬਿਊਰੋ): ਅਮਰੀਕਾ ਦੇ ਨਵੇਂ ਚੁਣੇ ਗਏ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਅਰਬ ਅਤੇ ਮੱਧ ਪੂਰਬ ਦੇ ਮਾਮਲਿਆਂ ’ਤੇ ਸਲਾਹਕਾਰ ਦੇ ਅਹੁਦੇ ਲਈ ਆਪਣੇ ਕਰੀਬੀ ਦੋਸਤ ਮਸਾਦ ਬੂਲੋਸ ਨੂੰ ਚੁਣਿਆ ਹੈ। ਮਸਾਦ ਟਰੰਪ ਦੀ ਬੇਟੀ ਟਿਫਨੀ ਦੇ ਸਹੁਰੇ ਹਨ। ਉਹ ਲੇਬਨਾਨੀ ਮੂਲ ਦਾ ਨਾਗਰਿਕ ਹੈ।



ਮਸਾਦ ਨੂੰ ਇਹ ਅਹਿਮ ਜ਼ਿੰਮੇਵਾਰੀ ਦਿੰਦੇ ਹੋਏ ਟਰੰਪ ਨੇ ਸੋਸ਼ਲ ਮੀਡੀਆ ’ਤੇ ਲਿਖਿਆ ਕਿ ਉਹ ਇਕ ਕਾਬਲ ਕਾਰੋਬਾਰੀ ਹਨ। ਉਨ੍ਹਾਂ ਨੇ ਅਰਬ ਅਮਰੀਕੀ ਭਾਈਚਾਰੇ ਨਾਲ ਸਬੰਧ ਬਣਾਉਣ ਵਿਚ ਅਹਿਮ ਭੂਮਿਕਾ ਨਿਭਾਈ ਹੈ।

ਵਰਣਨਯੋਗ ਹੈ ਕਿ ਟਰੰਪ ਦੀ ਚੋਣ ਮੁ-ਹਿੰਮ ਦੌਰਾਨ ਮਸਾਦ ਨੇ ਅਰਬ ਅਮਰੀਕੀ ਅਤੇ ਮੁਸਲਿਮ ਨੇਤਾਵਾਂ ਤੋਂ ਵੋਟਾਂ ਹਾਸਿਲ ਕਰਨ ਲਈ ਦਰਜਨਾਂ ਮੀਟਿੰਗਾਂ ਕੀਤੀਆਂ ਸਨ। ਸਵਿੰਗ ਸਟੇਟ ਮਿਸ਼ੀਗਨ ਵਿੱਚ ਟਰੰਪ ਦੀ ਜਿੱਤ ਵਿੱਚ ਮਸਾਦ ਦਾ ਵੱਡਾ ਯੋਗਦਾਨ ਸੀ। ਗਲਫ ਨਿਊਜ਼ ਮੁਤਾਬਕ, ਮਸਾਦ ਨੇ ਮਿਸ਼ੀਗਨ ਦੇ 3 ਲੱਖ ਮੁਸਲਿਮ ਵੋਟਰਾਂ ਨੂੰ ਟਰੰਪ ਨੂੰ ਵੋਟ ਦੇਣ ਲਈ ਮਿਲੇ। ਇਸ ਤੋਂ ਪਹਿਲਾਂ ਸ਼ਨੀਵਾਰ ਨੂੰ ਟਰੰਪ ਨੇ ਆਪਣੇ ਦੂਜੇ ਸਹਿਯੋਗੀ ਚਾਰਲਸ ਕੁਸ਼ਨਰ ਨੂੰ ਫਰਾਂਸ ਵਿਚ ਰਾਜਦੂਤ ਵਜੋਂ ਨਾਮਜ਼ਦ ਕਰਨ ਦਾ ਐਲਾਨ ਕੀਤਾ ਸੀ। ਚਾਰਲਸ ਟਰੰਪ ਦੀ ਵੱਡੀ ਬੇਟੀ ਇਵਾਂਕਾ ਦੇ ਸਹੁਰੇ ਹਨ।



## ਅੱਜ ਨਾਮਾ

ਅਕਾਲੀ ਲੀਡਰਾਂ ਦੀ ਹੋਈ ਬੜੀ ਦੁਰਗਤ,
ਉੱਠਿਆ ਸਿਰ ਨਾ ਸ਼ਰਮ ਦੇ ਨਾਲ ਭਾਈ।
ਦੁਨੀਆ ਸਾਰੀ ਦੇ ਮੂਹਰੇ ਆ ਹੋਈ ਜਿੰਨੀ,
ਆਇਆ ਕਦੇ ਨਹੀਂ ਹੋਊ ਖਿਆਲ ਭਾਈ।
ਧਾਰਮਿਕ ਸਜ਼ਾ ਬੇਸ਼ੱਕ ਕੋਈ ਘੱਟ ਆਖੇ,
ਵੇਖਿਆ ਲੋਕਾਂ ਨੇ ਕਿੱਦਾਂ ਦਾ ਹਾਲ ਭਾਈ।
ਲੱਗੀ ਪਈ ਤਾਲੂ ਦੇ ਨਾਲ ਸੀ ਜੀਭ ਓਥੇ,
ਲੱਗੇ ਕੁਝ ਵਰ੍ਹਨ ਸੀ ਜਦੋਂ ਸਵਾਲ ਭਾਈ।
ਫਸੇ ਕਈ ਆਪ ਜੋ ਉਨ੍ਹਾਂ ਦਾ ਕੀ ਕਹਿਣਾ,
ਬਾਦਲ ਵੱਡਾ ਵੀ ਪਾਸੇ ਨਹੀਂ ਰਿਹਾ ਭਾਈ।
ਕੱਲ੍ਹ ਦੇ ਯਾਰ ਵੀ ਫਰਕ ਨੇ ਪਾਉਣ ਲੱਗੇ,
ਮੂੰਹਾਂ ਤੋਂ ਜਾਂਦਾ ਨਾ ਕੱਖ ਵੀ ਕਿਹਾ ਭਾਈ।

**ਤੀਸ ਮਾਰ ਖਾਂ**

# ਅਫਰੀਕੀ ਦੇਸ਼ ਗਿਨੀ 'ਚ ਫੁੱਟਬਾਲ ਮੈਚ ਦੌਰਾਨ ਹੋਈ ਹਿੰਸਾ, 100 ਮੌਤਾਂ, ਰੈਫਰੀ ਦੇ ਵਿਵਾਦਿਤ ਫੈਸਲੇ 'ਤੇ ਭੜਕੇ ਲੋਕ

ਕੋਨਾਕਰੀ, 2 ਦਸੰਬਰ (ਪੋਸਟ ਬਿਊਰੋ): ਗਿਨੀ ਦੇ ਦੂਜੇ ਸਭ ਤੋਂ ਵੱਡੇ ਸ਼ਹਿਰ ਡੇਜੇਰੇਕੋਰ 'ਚ ਐਤਵਾਰ ਨੂੰ ਫੁੱਟਬਾਲ ਮੈਚ ਦੌਰਾਨ ਹੋਈ ਹਿੰਸਾ 'ਚ ਕਰੀਬ 100 ਲੋਕਾਂ ਦੀ ਮੌਤ ਹੋ ਗਈ। ਨਿਊਯਾਰਕ ਟਾਈਮਜ਼ ਮੁਤਾਬਕ ਐਤਵਾਰ ਨੂੰ ਲਾਬੇ ਅਤੇ ਗੇਰੇਕੋਰ ਫੁੱਟਬਾਲ ਟੀਮਾਂ ਵਿਚਾਲੇ ਮੈਚ ਚੱਲ ਰਿਹਾ ਸੀ। ਇਸ ਦੌਰਾਨ ਮੈਚ ਰੈਫਰੀ ਨੇ ਵਿਵਾਦਤ ਫੈਸਲਾ ਦਿੱਤਾ, ਜਿਸ ਕਾਰਨ ਦੋਨਾਂ ਟੀਮਾਂ ਵਿਚਾਲੇ ਝਗੜਾ ਹੋ ਗਿਆ। ਲੜਾਈ ਹੁੰਦੀ ਦੇਖ ਦਰਸ਼ਕ ਵੀ ਮੈਦਾਨ ਵਿਚ ਆ ਗਏ ਅਤੇ ਹਿੰਸਾ ਸ਼ੁਰੂ ਕਰ ਦਿੱਤੀ।

ਏਐੱਫਪੀ ਦੀਆਂ ਰਿਪੋਰਟਾਂ ਅਨੁਸਾਰ, ਲੋਕਾਂ ਨੇ ਨਜ਼ੇਰਕੋਰ ਵਿੱਚ ਇੱਕ ਪੁਲਿਸ ਸਟੇਸ਼ਨ ਵਿੱਚ ਵੀ ਭੰਨਤੋੜ ਕੀਤੀ ਅਤੇ ਅੱਗ ਲਗਾ ਦਿੱਤੀ। ਘਟਨਾ ਦੀ ਜਾਣਕਾਰੀ ਦਿੰਦੇ ਹੋਏ ਸਥਾਨਕ ਹਸਪਤਾਲ ਦੇ ਇਕ ਡਾਕਟਰ ਨੇ ਦੱਸਿਆ ਕਿ ਹਸਪਤਾਲ 'ਚ ਲਾਸ਼ਾਂ ਕਤਾਰਾਂ 'ਚ ਪਈਆਂ ਹਨ, ਜਿੱਥੋਂ ਤੱਕ ਅੱਖਾਂ ਦਿਖਾਈ ਦਿੰਦੀਆਂ ਹਨ। ਬਾਕੀ ਕੋਰੀਡੋਰ ਵਿਚ ਫਰਸ਼ 'ਤੇ ਪਏ ਹਨ। ਮੁਰਦਾ ਘਰ ਭਰਿਆ ਹੋਇਆ ਹੈ।

ਇਹ ਮੈਚ ਗਿੰਨੀ ਆਰਮੀ ਦੇ ਜਨਰਲ ਮਾਮਾਦੀ ਡੋਮਬੂਆ ਦੇ ਸਨਮਾਨ ਵਿੱਚ ਕਰਵਾਇਆ ਜਾ ਰਿਹਾ ਸੀ। ਡੋਮਬੋਆ ਨੇ 2021 ਵਿੱਚ ਗਿਨੀ ਵਿੱਚ ਇੱਕ ਤਖਤਾਪਲਟ ਕਰਕੇ ਸੱਤਾ 'ਤੇ ਕਬਜ਼ਾ



ਕਰ ਲਿਆ।

ਡੋਮਬੂਆ ਨੇ ਸਤੰਬਰ 2021 ਵਿੱਚ ਰਾਸ਼ਟਰਪਤੀ ਅਲਫ਼ਾ ਕੌਂਡੇ ਦੀ ਸਰਕਾਰ ਨੂੰ ਡੇਗ ਦਿੱਤਾ ਅਤੇ ਖੁਦ ਸੱਤਾ ਸੰਭਾਲੀ। ਕੌਮਾਂਤਰੀ ਦਬਾਅ ਕਾਰਨ ਉਨ੍ਹਾਂ ਨੇ 2024 ਦੇ ਅੰਤ ਤੱਕ ਚੋਣਾਂ ਕਰਵਾਉਣ ਦੀ ਗੱਲ ਕਹੀ ਸੀ, ਪਰ ਹੁਣ ਤੱਕ ਚੋਣਾਂ ਦੀ ਕੋਈ ਸੰਭਾਵਨਾ ਨਹੀਂ ਹੈ।

ਡੋਮਬੂਆ ਨੇ ਜਨਵਰੀ 2024 ਵਿੱਚ ਆਪਣੇ ਆਪ ਨੂੰ ਕਰਨਲ ਤੋਂ ਲੈਫਟੀਨੈਂਟ ਜਨਰਲ ਵਜੋਂ ਤਰੱਕੀ ਦਿੱਤੀ ਸੀ। ਪਿਛਲੇ ਮਹੀਨੇ ਉਸ ਨੇ ਆਪਣੇ ਆਪ ਨੂੰ ਗਿਨੀ ਦੀ ਫੌਜ ਦਾ ਜਨਰਲ ਐਲਾਨਿਆ ਸੀ।

ਡੋਮਬੂਆ ਦੇ ਕਾਰਜਕਾਲ ਦੌਰਾਨ ਵਿਰੋਧੀ ਨੇਤਾਵਾਂ ਨੂੰ ਜੇਲ੍ਹ ਵਿਚ ਬੰਦ ਕੀਤਾ ਗਿਆ ਸੀ। ਮਾਹਿਰਾਂ ਮੁਤਾਬਕ ਡੋਮਬੂਆ ਅਗਲੇ ਸਾਲ ਚੋਣਾਂ ਕਰਵਾ ਸਕਦੇ ਹਨ। ਡੋਂਬੂਆ ਵੀ ਚੋਣ ਲੜ ਸਕਦੇ ਹਨ। ਇਸ ਲਈ ਆਪਣੀ ਲੋਕਪ੍ਰਿਅਤਾ ਵਧਾਉਣ ਲਈ ਉਹ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਫੁੱਟਬਾਲ ਟੂਰਨਾਮੈਂਟ ਕਰਵਾ ਰਹੇ ਹਨ।

## ਪੰਜਾਬ ਸਰਕਾਰ ਵੱਲੋਂ ਅੰਤਰਰਾਸ਼ਟਰੀ ਦਿਵਿਆਂਗਤਾ ਦਿਵਸ ਮੌਕੇ ਵੱਖ-ਵੱਖ ਸ਼ਖਸ਼ੀਅਤਾਂ ਦਾ ਸਟੇਟ ਅਵਾਰਡ ਨਾਲ ਕੀਤਾ ਜਾਵੇਗਾ ਸਨਮਾਨ

ਚੰਡੀਗੜ੍ਹ 2 ਦਸੰਬਰ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਅੰਤਰਰਾਸ਼ਟਰੀ ਦਿਵਿਆਂਗਤਾ ਦਿਵਸ ਸਬੰਧੀ ਕਰਵਾਏ ਜਾ ਰਹੇ ਰਾਜ ਪੱਧਰੀ ਸਮਾਗਮ ਮੌਕੇ ਵੱਖ-ਵੱਖ ਸ਼ਖ਼ਸ਼ੀਅਤਾਂ ਦਾ ਸਟੇਟ ਅਵਾਰਡ ਨਾਲ ਸਨਮਾਨ ਕੀਤਾ ਜਾਵੇਗਾ।

ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੰਤਰਾਸ਼ਟਰੀ ਦਿਵਿਆਂਗਤਾ ਦਿਵਸ ਸਬੰਧੀ ਰਾਜ ਪੱਧਰੀ ਸਮਾਰੋਹ 3 ਦਸੰਬਰ ਨੂੰ ਫਰੀਦਕੋਟ ਵਿਖੇ ਹੋਵੇਗਾ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਰਾਜ ਪੱਧਰ ਦੇ ਇਸ ਸਮਾਗਮ ਵਿੱਚ ਉੱਤਮ ਕੰਮ ਕਰਨ ਵਾਲੇ ਕਰਮਚਾਰੀਆਂ, ਵਿਅਕਤੀਆਂ ਅਤੇ ਗੈਰ ਸਰਕਾਰੀ ਸੰਸਥਾਵਾਂ ਨੂੰ ਵੱਖ-ਵੱਖ ਸ਼੍ਰੇਣੀਆਂ ਅਧੀਨ ਸਨਮਾਨਿਤ ਕੀਤਾ ਜਾਵੇਗਾ।

ਉਹਨਾਂ ਵੱਲੋਂ ਸਮੂਹ ਦਿਵਿਆਂਗਜਨਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਇਸ ਸਮਾਰੋਹ ਵਿੱਚ ਸ਼ਾਮਿਲ ਹੋ ਕੇ ਉਹਨਾਂ ਦੀ ਭਲਾਈ ਲਈ ਚੱਲ ਰਹੀਆਂ ਵੱਖ ਵੱਖ ਸਕੀਮਾਂ ਦਾ ਲਾਭ ਲੈਣ ਸਬੰਧੀ ਜਾਣਕਾਰੀ ਪ੍ਰਾਪਤ ਕਰਨ।

# ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਿੰਘ ਸਾਹਿਬਾਨਾਂ ਨੇ ਸੁਖਬੀਰ ਸਿੰਘ ਬਾਦਲ ਸਮੇਤ ਹੋਰ ਆਗੂਆਂ ਨੂੰ ਸੁਣਾਈ ਸਜ਼ਾ

ਚੰਡੀਗੜ੍ਹ, 2 ਦਸੰਬਰ (ਪੋਸਟ ਬਿਊਰੋ): ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅੱਜ ਪੰਜ ਸਿੰਘ ਸਾਹਿਬਾਨ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵੇਲੇ ਸੁਖਬੀਰ ਸਿੰਘ ਬਾਦਲ ਅਤੇ ਉਸ ਵੇਲੇ ਦੇ ਕੈਬਿਨਟ ਮੰਤਰੀਆਂ ਨੂੰ ਡੇਰਾ ਸੱਚਾ ਸੌਦਾ ਸਿਰਸਾ ਦੇ ਮੁਖੀ ਰਾਮ ਰਹੀਮ ਨੂੰ ਮੁਆਫ਼ ਕਰਨ ਅਤੇ ਬੇਅਦਬੀ ਮਾਮਲੇ 'ਚ ਸਜ਼ਾ ਸੁਣਾਈ ਹੈ।

ਸਿੰਘ ਸਹਿਬਾਨਾਂ ਨੇ ਪੰਜਾਬ ਦੇ ਸਵ. ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਤੋਂ ਫ਼ਖਰ-ਏ-ਕੌਮ ਸਨਮਾਨ ਵਾਪਿਸ ਲੈਣ ਦੇ ਹੁਕਮ ਦਿੱਤੇ ਹਨ। ਇਸਦੇ ਨਾਲ ਹੀ ਡੇਰਾ ਮੁਖੀ ਨੂੰ ਮੁਆਫ਼ ਦੇਣ ਵਾਲੇ ਸਾਬਕਾ ਜਥੇਦਾਰ ਗਿਆਨੀ ਗੁਰਮੁੱਖ ਸਿੰਘ ਅਤੇ ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ ਤੋਂ ਸਾਰੀਆਂ ਸਹੂਲਤਾਂ ਵਾਪਿਸ ਲੈਣ ਦੇ ਹੁਕਮ ਦਿੱਤੇ ਹਨ।

ਸ੍ਰੀ ਅਕਾਲ ਤਖ਼ਤ ਸਾਹਿਬ ਨੇ ਇਨ੍ਹਾਂ ਜਥੇਦਾਰਾਂ ਨੂੰ ਜਨਤਕ ਪ੍ਰੋਗਰਾਮ 'ਚ ਬੋਲਣ 'ਤੇ ਪਾਬੰਦੀ ਲਾਈ ਹੈ। ਇਸਦੇ ਨਾਲ ਹੀ ਪੈਸਾ ਸ਼੍ਰੋਮਣੀ ਕਮੇਟੀ ਦਾ ਵਰਤਿਆ ਗਿਆ ਹੈ, ਉਹ ਸਮੇਤ ਵਿਆਜ ਵਾਪਿਸ ਕਰਨ ਦੇ



ਹੁਕਮ ਦਿੱਤੇ ਹਨ। ਇਸਦੇ ਨਾਲ ਹੀ ਸ਼੍ਰੋਮਣੀ ਅਕਾਲੀ ਦਲ 1 ਲੱਖ 25 ਹਜ਼ਾਰ ਬੂਟੇ ਲਾਉਣ ਦੇ ਹੁਕਮ ਦਿੱਤੇ ਹਨ।

ਇਸਦੇ ਨਾਲ ਹੀ ਸਿੰਘ ਸਾਹਿਬਾਨਾਂ ਖ਼ਿਲਾਫ ਵਰਤੀ ਗਲਤ ਸ਼ਬਦਾਵਲੀ ਦੇ ਦੋਸ਼ 'ਚ ਹਰਜਿੰਦਰ ਸਿੰਘ ਸਰਨਾ ਨੂੰ ਤਨਖ਼ਾਹੀਆ ਕਰਾਰ ਦਿੱਤਾ ਹੈ। ਬੀਬੀ ਜਗੀਰ ਕੌਰ, ਸੋਹਣ ਸਿੰਘ ਠੰਡਲ, ਪ੍ਰੋ ਪ੍ਰੇਮ ਸਿੰਘ ਚੰਦੂਮਾਜਰਾ, ਚਰਨਜੀਤ ਅਤੇ ਆਦੇਸ਼ ਪ੍ਰਤਾਪ ਸਿੰਘ ਕੈਰੋਂ ਦੁਪਹਿਰ 12 ਤੋਂ 1 ਤੱਕ ਬਾਥਰੂਮਾਂ ਨੂੰ ਸਾਫ਼ ਕਰਨ ਦੀ ਸੇਵਾ ਕਰਨਗੇ। ਇਸਦੇ ਨਾਲ ਹੀ ਆਪਣੇ ਨੇੜੇ ਦੇ ਗੁਰੂ ਘਰ ਜਾ ਕੇ ਸੇਵਾ ਕਰਨਗੇ।

ਸ਼੍ਰੋਮਣੀ ਅਕਾਲੀ ਦਲ ਦੀ ਵਰਕਿੰਗ ਕਮੇਟੀ ਨੂੰ ਹੁਕਮ ਦਿੱਤੇ ਗਏ ਕਿ ਸੁਖਬੀਰ ਸਿੰਘ ਬਾਦਲ ਸਮੇਤ ਜਿਨ੍ਹਾਂ ਨੇ ਵੀ ਸ਼੍ਰੋਮਣੀ ਅਕਾਲੀ ਦਲ ਤੋਂ ਅਸਤੀਫਾ ਦਿੱਤਾ ਹੈ, ਉਹ ਪ੍ਰਵਾਨ ਕਰਕੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਭੇਜਿਆ ਜਾਵੇ।

ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ਼੍ਰੋਮਣੀ ਅਕਾਲੀ ਦੇ ਸੁਖਬੀਰ ਸਿੰਘ ਬਾਦਲ ਨੂੰ ਹੁਕਮ ਹੋਇਆ ਕਿ ਉਹ ਆਪਣੀ ਸਾਰੀ ਸਜ਼ਾ ਪੂਰੀ ਕਰਨ ਤੋਂ ਬਾਅਦ 11,000 ਦੀ ਦੇਗ ਅਤੇ 11,000 ਕਮੇਟੀ ਦੀ ਗੋਲਕ 'ਚ ਪਾ ਕੇ ਗੁਰਦੁਆਰਾ ਸਾਹਿਬ ਦੀ ਗੋਲਕ 'ਚ ਪਾ ਕੇ ਇਥੋਂ ਅਰਦਾਸ ਬੇਨਤੀ ਕਰਨਗੇ।

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਦੀ ਅਗਵਾਈ ਹੇਠ ਪੰਜ ਸਿੰਘ ਸਾਹਿਬਾਨ ਨੇ ਸੁਖਬੀਰ ਸਿੰਘ ਬਾਦਲ ਤੇ ਸਾਥੀਆਂ ਲਈ ਸਜ਼ਾ ਤੈਅ ਕਰ ਦਿੱਤੀ ਹੈ। ਨਿਸ਼ਚਿਤ ਸਜ਼ਾ ਮੁਤਾਬਕ ਇਹ ਸਾਰੇ ਕੱਲ੍ਹ ਮਿਤੀ 3 ਦਸੰਬਰ 2024 ਤੋਂ ਸੰਗਤ ਲਈ ਬਣੇ ਬਾਥਰੂਮਾਂ ਦੀ 12.00 ਤੋਂ 1.00 ਵਜੇ ਤੱਕ ਸਫਾਈ ਕਰਨਗੇ।

ਮੈਨੇਜਰ ਸ੍ਰੀ ਦਰਬਾਰ ਸਾਹਿਬ ਹਾਜ਼ਰੀ ਚਿੰਨਤਾ ਕਰਨਗੇ। ਇਸ ਉਪਰੰਤ ਇਕ ਘੰਟਾ ਲੰਗਰ 'ਚ ਭਾਂਡੇ ਸਾਫ ਕਰਨ ਦੀ ਸੇਵਾ ਕਰਨਗੇ। ਇਸ ਉਪਰੰਤ ਗੁਰਬਾਣੀ ਕੀਰਤਨ ਸਰਵਰਣ ਕਰਨਗੇ।

ਇਨ੍ਹਾਂ ਸਾਰਿਆਂ ਦੇ ਗਲ 'ਚ ਤਖਤੀ ਪਾਈ ਜਾਵੇਗੀ ਜੋ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪਾਈ ਜਾਂਦੀ ਹੈ।

ਇਸ ਤੋਂ ਇਲਾਵਾ ਵ੍ਹੀਲ ਚੇਅਰ 'ਤੇ ਬੈਠੇ ਸੁਖਦੇਵ ਸਿੰਘ ਢੀਂਡਸਾ ਤੇ ਸੁਖਬੀਰ ਸਿੰਘ ਬਾਦਲ ਹੱਥ 'ਚ ਬਰਛਾ ਫੜ੍ਹ ਕੇ ਤਖ਼ਤ ਸਾਹਿਬਾਨ 'ਤੇ ਦੋ-ਦੋ ਦਿਨ ਸਵੇਰੇ 9.00 ਤੋਂ 10.00 ਵਜੇ ਤੱਕ ਬੈਠਣਗੇ। ਸ੍ਰੀ ਦਰਬਾਰ ਸਾਹਿਬ ਤੇ ਦਰਸ਼ਨੀ ਡਿਓੜੀ ਦੇ ਬਾਹਰ ਇਹ ਸੇਵਾ ਕਰਨਗੇ। ਇਸ ਤੋਂ ਇਲਾਵਾ ਭਾਂਡੇ ਮਾਂਜਣ ਦੀ ਸੇਵਾ ਕੀਤੀ ਜਾਵੇਗੀ। ਕੀਰਤਣ ਸਰਵਣ ਕਰਨਾ ਹੋਵੇਗਾ ਤੇ ਸੁਖਮਨੀ ਸਾਹਿਬ ਦਾ ਪਾਠ ਕਰਨਾ ਹੋਵੇਗਾ।

## ਜ਼ਮੀਨ ਦੇ ਇੰਤਕਾਲ ਬਦਲੇ 10,000 ਰੁਪਏ ਰਿਸ਼ਵਤ ਲੈਂਦਾ ਮਾਲ ਪਟਵਾਰੀ ਵਿਜੀਲੈਂਸ ਵੱਲੋਂ ਰੰਗੇ ਹੱਥੀਂ ਕਾਬੂ



ਚੰਡੀਗੜ੍ਹ, 2 ਦਸੰਬਰ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਆਪਣੀ ਮੁਹਿੰਮ ਦੌਰਾਨ ਐਸ.ਬੀ.ਐਸ.ਨਗਰ ਜ਼ਿਲ੍ਹੇ ਦੇ ਮਾਲ ਹਲਕਾ ਸਲੋਹ ਵਿਖੇ ਤਾਇਨਾਤ ਮਾਲ ਪਟਵਾਰੀ ਗੌਰਵ ਗੁਪਤਾ, ਜਿਸ ਕੋਲ ਫਾਂਬੜਾ ਹਲਕੇ ਦਾ ਵਾਧੂ ਚਾਰਜ ਵੀ ਹੈ, ਨੂੰ 10,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਅਧਿਕਾਰਤ ਬੁਲਾਰੇ ਨੇ ਦੱਸਿਆ ਕਿ ਉਕਤ ਮਾਲ ਅਧਿਕਾਰੀ ਨੂੰ ਜ਼ਿਲ੍ਹਾ ਲੁਧਿਆਣਾ ਦੇ ਪਿੰਡ ਗੜ੍ਹੀ ਸ਼ੇਰੂ ਦੇ ਵਸਨੀਕ ਕੇਸਰ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੱਸਿਆ ਕਿ ਉਕਤ ਪਟਵਾਰੀ ਨੇ ਉਸਦੇ ਪਰਿਵਾਰ ਦੇ ਜ਼ਮੀਨ ਦੇ ਤਬਾਦਲੇ ਸਬੰਧੀ ਕੇਸ ਦਾ ਨਿਪਟਾਰਾ ਕਰਨ ਬਦਲੇ ਉਸ ਤੋਂ 20000 ਰੁਪਏ ਰਿਸ਼ਵਤ ਮੰਗੀ ਹੈ ਅਤੇ ਇਸ ਸਬੰਧੀ 10000 ਰੁਪਏ ਉਹ ਪਹਿਲਾਂ ਹੀ ਲੈ ਚੁੱਕਾ ਹੈ। ਉਸ ਨੇ ਅੱਗੇ ਦੋਸ਼ ਲਾਇਆ ਕਿ ਕਥਿਤ ਮੁਲਜ਼ਮ ਪਟਵਾਰੀ ਉਕਤ ਜ਼ਮੀਨ ਦੇ ਇੰਤਕਾਲ ਬਦਲੇ ਉਸ ਤੋਂ ਰਿਸ਼ਵਤ ਦੀ ਬਾਕੀ ਰਹਿੰਦੀ ਰਕਮ ਮੰਗ ਰਿਹਾ ਹੈ ਅਤੇ ਉਸਨੇ ਇਸ ਸਬੰਧੀ ਪਟਵਾਰੀ ਨਾਲ ਹੋਈ ਗੱਲਬਾਤ ਰਿਕਾਰਡ ਕਰ ਲਈ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਅਤੇ ਮੁਲਜ਼ਮ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ ਰਿਸ਼ਵਤ ਦੀ ਰਕਮ ਲੈਂਦਿਆਂ ਰੰਗੇ ਹੱਥੀਂ ਗ੍ਰਿਫਤਾਰ ਕਰ ਲਿਆ।

ਇਸ ਸਬੰਧੀ ਵਿਜੀਲੈਂਸ ਬਿਊਰੋ ਦੇ ਥਾਣਾ ਜਲੰਧਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕਰ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਮੁਲਜ਼ਮ ਨੂੰ ਭਲਕੇ ਮਾਣਯੋਗ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।




# ਪੇਡਾ ਵੱਲੋਂ ਪੰਜਾਬ ਵਿੱਚ ਊਰਜਾ ਸੰਭਾਲ ਖੋਜ ਅਤੇ ਵਿਕਾਸ ਲਈ ਚੰਡੀਗੜ੍ਹ ਯੂਨੀਵਰਸਿਟੀ ਨਾਲ ਸਮਝੌਤਾ ਸਹੀਬੱਧ

-ਸਮਝੌਤੇ ਦਾ ਉਦੇਸ਼ ਇਮਾਰਤਾਂ, ਉਦਯੋਗ ਅਤੇ ਹੋਰ ਸੈਕਟਰਾਂ ਵਿੱਚ ਊਰਜਾ ਕੁਸ਼ਲਤਾ ਤੇ ਊਰਜਾ ਸੰਭਾਲ ਨਾਲ ਸਬੰਧਤ ਖੋਜ ਅਤੇ ਨਵੀਨ ਪ੍ਰੋਜੈਕਟਾਂ 'ਤੇ ਧਿਆਨ ਕੇਂਦਰਿਤ ਕਰਨਾ

ਚੰਡੀਗੜ੍ਹ, 2 ਦਸੰਬਰ (ਪੋਸਟ ਬਿਊਰੋ): ਪੰਜਾਬ ਊਰਜਾ ਵਿਕਾਸ ਏਜੰਸੀ (ਪੇਡਾ) ਨੇ ਸੂਬੇ ਵਿੱਚ ਊਰਜਾ ਕੁਸ਼ਲਤਾ ਤੇ ਊਰਜਾ ਸੰਭਾਲ 'ਤੇ ਕੇਂਦਰਿਤ ਖੋਜ ਅਤੇ ਨਵੀਨ ਪ੍ਰੋਜੈਕਟਾਂ ਵਾਸਤੇ ਸਹਿਯੋਗ ਲਈ ਚੰਡੀਗੜ੍ਹ ਯੂਨੀਵਰਸਿਟੀ (ਸੀ.ਯੂ.) ਨਾਲ ਸਮਝੌਤਾ ਸਹੀਬੱਧ ਕੀਤਾ ਹੈ।

ਇਸ ਸਮਝੌਤੇ 'ਤੇ ਅੱਜ ਪੇਡਾ ਦੇ ਦਫ਼ਤਰ ਵਿਖੇ ਪੇਡਾ ਦੇ ਮੁੱਖ ਕਾਰਜਕਾਰੀ ਅਧਿਕਾਰੀ ਸ੍ਰੀ ਸੰਦੀਪ ਹੰਸ ਅਤੇ ਚੰਡੀਗੜ੍ਹ ਯੂਨੀਵਰਸਿਟੀ ਦੀ ਮਕੈਨੀਕਲ ਇੰਜਨੀਅਰਿੰਗ ਸ਼ਾਖਾ ਦੇ ਪ੍ਰੋਫ਼ੈਸਰ ਡਾ. ਰਾਜ ਕੁਮਾਰ ਵੱਲੋਂ ਹਸਤਾਖ਼ਰ ਕੀਤੇ ਗਏ।

ਸੰਦੀਪ ਹੰਸ ਨੇ ਕਿਹਾ ਕਿ ਇਸ ਸਮਝੌਤੇ ਦਾ ਉਦੇਸ਼ ਪੰਜਾਬ ਦੇ ਘਰੇਲੂ, ਵਪਾਰਕ, ਉਦਯੋਗਿਕ, ਖੇਤੀਬਾੜੀ ਅਤੇ ਟਰਾਂਸਪੋਰਟ ਖੇਤਰਾਂ ਵਿੱਚ ਇਮਾਰਤਾਂ, ਉਦਯੋਗ, ਸਾਫ਼-ਸੁਥਰੀ ਤਕਨਾਲੋਜੀ ਅਤੇ ਊਰਜਾ ਬਚਾਊ ਉਪਕਰਨਾਂ ਸਮੇਤ ਵੱਖ-ਵੱਖ ਖੇਤਰਾਂ ਵਿੱਚ ਊਰਜਾ ਕੁਸ਼ਲਤਾ ਤੇ ਊਰਜਾ ਸੰਭਾਲ ਨਾਲ ਸਬੰਧਤ ਖੋਜ ਅਤੇ ਨਵੇਂ ਪ੍ਰੋਜੈਕਟਾਂ 'ਤੇ ਧਿਆਨ ਕੇਂਦਰਿਤ ਕਰਨਾ ਹੈ।

ਉਨ੍ਹਾਂ ਕਿਹਾ ਕਿ ਚੰਡੀਗੜ੍ਹ ਯੂਨੀਵਰਸਿਟੀ (ਸੀ.ਯੂ.) ਇਸ ਪ੍ਰੋਗਰਾਮ ਨੂੰ ਸਥਾਨਕ ਪੱਧਰ 'ਤੇ ਉਤਸ਼ਾਹਿਤ ਕਰੇਗੀ ਤਾਂ ਜੋ ਇਸ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਨੂੰ ਯਕੀਨੀ ਬਣਾਈ ਜਾ ਸਕੇ। ਇਸ ਤੋਂ ਇਲਾਵਾ ਚੰਡੀਗੜ੍ਹ ਯੂਨੀਵਰਸਿਟੀ ਖੋਜ ਤੇ ਵਿਕਾਸ (ਆਰ ਐਂਡ ਡੀ) ਪ੍ਰੋਜੈਕਟਾਂ ਅਤੇ ਵੱਖ-ਵੱਖ ਤਕਨਾਲੋਜੀਆਂ ਦੇ ਡਿਜ਼ਾਈਨ, ਟੈਸਟਿੰਗ, ਕਾਰਗੁਜ਼ਾਰੀ ਦੇ ਮੁਲਾਂਕਣ ਅਤੇ ਵਿਸ਼ਲੇਸ਼ਣ ਲਈ ਰਣਨੀਤਕ ਖੋਜ ਸਹਾਇਤਾ, ਢੁਕਵੀਂ ਸੇਧ ਅਤੇ ਦਿਸ਼ਾ ਪ੍ਰਦਾਨ ਕਰੇਗੀ।

ਪੇਡਾ ਦੇ ਡਾਇਰੈਕਟਰ ਐਮ.ਪੀ.ਸਿੰਘ ਨੇ ਪੰਜਾਬ ਵਿੱਚ ਊਰਜਾ ਸੰਭਾਲ ਖੋਜ ਅਤੇ ਵਿਕਾਸ ਖੇਤਰ ਵਿੱਚ ਪ੍ਰੋਜੈਕਟ ਸ਼ੁਰੂ ਕਰਨ ਲਈ ਚੰਡੀਗੜ੍ਹ ਯੂਨੀਵਰਸਿਟੀ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਊਰਜਾ ਸੰਭਾਲ ਨਾਲ ਸਬੰਧਤ ਖੋਜ ਅਤੇ ਵਿਕਾਸ ਪ੍ਰੋਜੈਕਟਾਂ ਨੂੰ ਸ਼ੁਰੂ ਕਰਨ ਲਈ ਵੱਖ-ਵੱਖ ਵਿਚਾਰਾਂ 'ਤੇ ਵੀ ਚਰਚਾ ਕੀਤੀ।

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**






# ਪੰਜਾਬ ਵਿਧਾਨ ਸਭਾ ਸਪੀਕਰ ਸੰਧਵਾਂ ਨੇ ਨਵੇਂ ਚੁਣੇ ਵਿਧਾਇਕਾਂ ਨੂੰ ਮੁੱਖ ਮੰਤਰੀ ਦੀ ਮੌਜੂਦਗੀ ’ਚ ਸਹੁੰ ਚੁਕਾਈ



ਚੰਡੀਗੜ੍ਹ, 2 ਦਸੰਬਰ (ਪੋਸਟ ਬਿਊਰੋ): ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਪੰਜਾਬ ਦੇ ਮੁੱਖ ਮੰਤਰੀ ਅਤੇ ਸਦਨ ਦੇ ਨੇਤਾ ਭਗਵੰਤ ਸਿੰਘ ਮਾਨ ਅਤੇ ‘ਆਪ’ ਪੰਜਾਬ ਦੇ ਪ੍ਰਧਾਨ ਤੇ ਰੁਜ਼ਗਾਰ ਉਤਪਤੀ, ਹੁਨਰ ਵਿਕਾਸ ਮੰਤਰੀ ਅਮਨ ਅਰੋੜਾ ਦੀ ਹਾਜ਼ਰੀ ਵਿੱਚ ਚੱਬੇਵਾਲ, ਡੇਰਾ ਬਾਬਾ ਨਾਨਕ ਅਤੇ ਗਿੱਦੜਬਾਹਾ ਵਿਧਾਨ ਸਭਾ ਹਲਕਿਆਂ ਤੋਂ ਆਮ ਆਦਮੀ ਪਾਰਟੀ ਦੇ ਨਵੇਂ ਚੁਣੇ ਵਿਧਾਇਕਾਂ ਨੂੰ ਸਹੁੰ ਚੁਕਾਈ।

ਸਹੁੰ ਚੁੱਕ ਸਮਾਗਮ ਪੰਜਾਬ ਵਿਧਾਨ ਸਭਾ ਦੇ ਮੈਂਬਰ ਲੌਂਜ ਵਿਖੇ ਹੋਇਆ, ਜਿੱਥੇ ਚੱਬੇਵਾਲ ਤੋਂ ਆਮ ਆਦਮੀ ਪਾਰਟੀ ਦੇ ਚੁਣੇ ਗਏ ਉਮੀਦਵਾਰ ਡਾ. ਇਸ਼ਾਂਕ ਕੁਮਾਰ ਚੱਬੇਵਾਲ, ਡੇਰਾ ਬਾਬਾ ਨਾਨਕ ਤੋਂ ਗੁਰਦੀਪ ਸਿੰਘ ਰੰਧਾਵਾ ਅਤੇ ਗਿੱਦੜਬਾਹਾ ਤੋਂ ਵਿਧਾਇਕ ਸ. ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਵਿਧਾਇਕ ਵਜੋਂ ਸਹੁੰ ਚੁੱਕੀ।

ਪੰਜਾਬ ਵਿਧਾਨ ਸਭਾ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹਲਕਾ ਵਿਧਾਇਕਾਂ ਨੂੰ ਹਾਲ ਹੀ ਵਿੱਚ ਹੋਈਆਂ ਜ਼ਮਿਨੀ ਚੋਣਾਂ ਵਿੱਚ ਸ਼ਾਨਦਾਰ ਜਿੱਤ ਲਈ ਵਧਾਈ ਦਿੱਤੀ। ਨਵ-ਨਿਯੁਕਤ ਵਿਧਾਇਕਾਂ ਦੇ ਨਾਲ ਉਨ੍ਹਾਂ ਦੇ ਪਰਿਵਾਰਕ ਮੈਂਬਰ ਅਤੇ ਕਈ ਪਤਵੰਤੇ ਵੀ ਮੌਜੂਦ ਸਨ।

ਸਹੁੰ ਚੁੱਕ ਸਮਾਗਮ ਵਿੱਚ ਸ਼ਾਮਲ ਹੋਣ ਵਾਲੇ ਪ੍ਰਮੁੱਖ ਵਿਅਕਤੀਆਂ ਵਿੱਚ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ, ਜਲ ਸਰੋਤ, ਖਣਨ ਅਤੇ ਭੂ-ਵਿਗਿਆਨ ਮੰਤਰੀ ਬਰਿੰਦਰ ਕੁਮਾਰ ਗੋਇਲ, ਮਾਲ ਤੇ ਮੁੜ ਵਸੇਬਾ ਮੰਤਰੀ ਹਰਦੀਪ ਸਿੰਘ ਮੁੰਡੀਆਂ, ਸਥਾਨਕ ਸਰਕਾਰਾਂ ਤੇ ਸੰਸਦੀ ਮਾਮਲੇ ਮੰਤਰੀ ਡਾ. ਰਵਜੋਤ ਸਿੰਘ, ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ, ਵਿਧਾਇਕ ਬਟਾਲਾ ਅਤੇ 'ਆਪ' ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਬੱਸੀ ਪਠਾਣਾ ਦੇ ਵਿਧਾਇਕ ਰੁਪਿੰ-ਦਰ ਸਿੰਘ, ਧਰਮਕੋਟ ਦੇ ਵਿਧਾਇਕ ਦਵਿੰਦਰ ਸਿੰਘ ਲਾਡੀ ਢੋਸ, ਬੱਲੂਆਣਾ ਦੇ ਵਿਧਾਇਕ ਅਮਨਦੀਪ ਸਿੰਘ ਗੋਲਡੀ ਮੁਸਾਫਿਰ, ਨਵਾਂ ਸ਼ਹਿਰ ਦੇ ਵਿਧਾਇਕ ਨਛੱਤਰ ਪਾਲ ਤੋਂ ਇਲਾਵਾ ਮੁੱਖ ਸਕੱਤਰ ਕੇ.ਏ.ਪੀ.ਸਿਨਹਾ, ਐਡਵੋਕੇਟ ਜਨਰਲ ਪੰਜਾਬ ਗੁਰਮਿੰਦਰ ਸਿੰਘ ਸਮੇਤ ਸੂਬਾ ਸਰਕਾਰ ਦੇ ਸੀਨੀਅਰ ਅਧਿਕਾਰੀ ਹਾਜ਼ਰ ਸਨ। ਸਮਾਗਮ ਦੀ ਕਾਰਵਾਈ ਸਕੱਤਰ ਪੰਜਾਬ ਵਿਧਾਨ ਸਭਾ ਰਾਮ ਲੋਕ ਖਟਾਣਾ ਨੇ ਚਲਾਈ।

# ਸਿਲਕ ਐਕਸਪੋ-2024, 4 ਦਸੰਬਰ ਤੋਂ

## ਰੇਸ਼ਮ ਉਦਪਾਦਕਾਂ ਅਤੇ ਕਾਰੀਗਰਾਂ ਨੂੰ ਉਤਸ਼ਾਹਿਤ ਕਰਨਾ ਹੈ ਮੁੱਖ ਮੰਤਵ : ਮੋਹਿੰਦਰ ਭਗਤ

ਚੰਡੀਗੜ੍ਹ, 2 ਦਸੰਬਰ (ਪੋਸਟ ਬਿਊਰੋ): ਪੰਜਾਬ 'ਚ ਰੇਸ਼ਮ ਦੇ ਕਿੱਤੇ ਨਾਲ ਸਬੰਧਤ ਰੇਸ਼ਮ ਕੀਟ ਪਾਲਕਾਂ ਅਤੇ ਰੇਸ਼ਮ ਦੇ ਕਾਰੀਗਰਾਂ, ਸੈਲਫ ਹੈਲਪ ਗਰੁੱਪਾਂ ਅਤੇ ਵਿਸ਼ੇਸ ਤੌਰ ਤੇ ਔਰਤਾਂ ਨੂੰ ਉਤਸ਼ਾਹਿਤ ਕਰਨ ਅਤੇ ਉਹਨਾਂ ਦੀ ਆਮਦਨ ਵਧਾਉਣ ਦੇ ਉਦੇਸ਼ ਨਾਲ ਸਿਲਕ ਐਕਸਪੋ-2024 ਦਾ ਆਯੋਜ਼ਨ ਕੀਤਾ ਜਾ ਰਿਹਾ ਹੈ।

ਪੰਜਾਬ ਦੇ ਬਾਗਬਾਨੀ ਮੰਤਰੀ ਸ੍ਰੀ ਮੋਹਿੰਦਰ ਭਗਤ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਿਲਕ ਐਕਸਪੋ 4 ਦਸੰਬਰ ਤੋਂ 9 ਦਸੰਬਰ-2024 ਤੱਕ ਕਿਸਾਨ ਭਵਨ ਸੈਕਟਰ-35, ਚੰਡੀਗੜ੍ਹ ਵਿਖੇ ਲਗਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਐਕਸਪੋ ਸਿਲਕ ਮਾਰਕ ਆਰਗੇਨਾਈਜੇਸ਼ਨ ਆਫ ਇੰਡੀਆ ਅਤੇ ਬਾਗਬਾਨੀ ਵਿਭਾਗ ਪੰਜਾਬ ਦੇ ਆਪਸੀ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ। ਭਗਤ ਨੇ ਅੱਗੇ ਦੱਸਿਆ ਕਿ ਇਸ ਸਮਾਰੋਹ ਵਿੱਚ ਭਾਰਤ ਦੇ ਸਮੂਹ ਰਾਜਾਂ ਦੇ ਕਾਰੀਗਰ, ਵਪਾਰੀ, ਰੇਸ਼ਮ ਬੋਰਡ ਦੇ ਰਜਿਸਟਰਡ ਅਦਾਰੇ, ਸੁਸ਼ਾਇਟੀਜ਼ ਵੱਲੋਂ ਸਿਲਕ ਨਾਲ ਸਬੰਧਤ ਵੱਖ-ਵੱਖ ਕਿਸਮਾਂ ਦੇ ਸਟਾਲ ਲਗਾਏ ਜਾਣਗੇ।

# ਜੁਰਮਾਨਾ ਐਡਜਸਟ ਕਰਨ ਬਦਲੇ 10,000 ਰੁਪਏ ਰਿਸ਼ਵਤ ਲੈਂਦਾ ਪੀ.ਐਸ.ਪੀ.ਸੀ.ਐਲ. ਦਾ ਜੇ.ਈ. ਵਿਜਿਲੈਂਸ ਬਿਊਰੋ ਵਲੋਂ ਕਾਬੂ

## ਦੋਸ਼ੀ ਜੇ.ਈ ਨੇ ਪਹਿਲਾਂ ਵੀ 10,000 ਰੁਪਏ ਦੀ ਲਈ ਸੀ ਰਿਸ਼ਵਤ



ਚੰਡੀਗੜ, 2 ਦਸੰਬਰ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਤਹਿਤ ਸੋਮਵਾਰ ਨੂੰ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਦੇ ਦਫ਼ਤਰ ਨਾਭਾ, ਜ਼ਿਲ੍ਹਾ ਪਟਿਆਲਾ ਵਿਖੇ ਤਾਇਨਾਤ ਨਰਿੰਦਰ ਸਿੰਘ, ਜੂਨੀਅਰ ਇੰਜੀਨੀਅਰ (ਜੇ.ਈ.) ਨੂੰ 10000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਨੂੰ ਸ਼ਿਵਾ ਇਨਕਲੇਵ ਨਾਭਾ ਦੇ ਵਸਨੀਕ ਭੋਲਾ ਚੰਦ ਸਿੰਗਲਾ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫਤਾਰ ਕੀਤਾ ਗਿਆ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਹੈ ਕਿ ਦੋਸ਼ੀ ਨਰਿੰਦਰ ਸਿੰਘ ਜੇ.ਈ.ਉਸ ਦੇ ਘਰ ਵਿੱਚ ਲਗਾਏ ਗਏ ਬਿਜਲੀ ਮੀਟਰ ਦੇ ਲੋਡ ਦੇ ਬਕਾਇਆ ਜੁਰਮਾਨੇ ਨੂੰ ਐਡਜਸਟ ਕਰਨ ਬਦਲੇ 10000 ਰੁਪਏ ਦੀ ਰਿਸ਼ਵਤ ਦੀ ਮੰਗ ਕਰ ਰਿਹਾ ਹੈ। ਸ਼ਿਕਾਇਤ ਵਿੱਚ ਦੱਸਿਆ ਗਿਆ ਹੈ ਕਿ ਉਕਤ ਜੇਈ ਪਹਿਲਾਂ ਵੀ 10,000 ਰੁਪਏ ਲੈ ਚੁੱਕਾ ਹੈ ਅਤੇ 10,000 ਰੁਪਏ ਦੀ ਹੋਰ ਰਿਸ਼ਵਤ ਦੀ ਮੰਗ ਕਰ ਰਿਹਾ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤ ਦੀ ਮੁੱਢਲੀ ਪੜਤਾਲ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਦੋਸ਼ੀ ਨਰਿੰਦਰ ਸਿੰਘ ਜੇ.ਈ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ ਅਤੇ ਰਿਸ਼ਵਤ ਦੀ ਰਕਮ ਵੀ ਬਰਾਮਦ ਕਰ ਲਈ ਗਈ। ਇਸ ਸਬੰਧੀ ਉਕਤ ਦੋਸ਼ੀ ਖਿਲਾਫ ਵਿਜੀਲੈਂਸ ਬਿਓਰੋ ਦੇ ਥਾਣਾ ਪਟਿਆਲਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਕਾਰਵਾਈ ਜਾਰੀ ਹੈ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10

ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Well Settled Ramgarhia Family in Winnipeg looking for a suitable match for their son,34 years old,5-10"tall, cleanshave, Canadian Citizen. Call at 204-510-7658 for more info.

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖ਼ੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ ’ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4”, ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664







**Allseas Fisheries Inc. is Hiring!**

**DZ licensed delivery drivers needed.**

Pay is $24/hour. Full time, permanent

Should work any day of the week, including weekends.

If interested, please forward resume to **rgidda@allseas.net**






# ਮੁੱਖ ਮੰਤਰੀ ਨੇ ਪੰਜਾਬ ਦੀ ਸਮਾਜਿਕ-ਆਰਥਿਕ ਤਰੱਕੀ ਵਿੱਚ ਨੌਜਵਾਨਾਂ ਨੂੰ ਸਰਗਰਮ ਭਾਈਵਾਲ ਬਣਾਉਣ ਦੀ ਵਚਨਬੱਧਤਾ ਦੁਹਰਾਈ

*** ਖੇਤੀਬਾੜੀ ਯੂਨੀਵਰਸਿਟੀ ਵਿੱਚ ਯੁਵਕ ਮੇਲੇ ਵਿੱਚ ਸੰਤ ਰਾਮ ਉਦਾਸੀ ਦੀ ਕਵਿਤਾ ਸੁਣਾ ਕੇ ਸਰੋਤਿਆਂ ਨੂੰ ਕੀਲਿਆ * ਯੁਵਕ ਮੇਲੇ ਨੌਜਵਾਨਾਂ ਦੇ ਵਿਆਪਕ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ : ਮੁੱਖ ਮੰਤਰੀ**








ਲੁਧਿਆਣਾ, 2 ਦਸੰਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਤਵਾਰ ਨੂੰ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਨੂੰ ਸੂਬੇ ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ ਸਰਗਰਮ ਭਾਈਵਾਲ ਬਣਾਉਣ ਲਈ ਅਣਥੱਕ ਯਤਨ ਕਰ ਰਹੀ ਹੈ।

ਮੁੱਖ ਮੰਤਰੀ ਨੇ ਇੱਥੇ ਖੇਤੀਬਾੜੀ ਯੂਨੀਵਰਸਿਟੀ ਵਿਖੇ ਅੰਤਰ ਜ਼ੋਨਲ ਯੁਵਕ ਮੇਲੇ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨੌਜਵਾਨਾਂ ਵਿੱਚ ਹਰ ਖੇਤਰ ਵਿੱਚ ਮੱਲਾਂ ਮਾਰਨ ਦੇ ਗੁਣ ਹੁੰਦੇ ਹਨ ਅਤੇ ਇਨ੍ਹਾਂ ਦੀਆਂ ਯੋਗਤਾਵਾਂ ਦੀ ਸਹੀ ਵਰਤੋਂ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀ ਅਤੇ ਨੌਜਵਾਨ ਜਹਾਜ਼ਾਂ ਦੀ ਤਰ੍ਹਾਂ ਹਨ ਅਤੇ ਸੂਬਾ ਸਰਕਾਰ ਉਨ੍ਹਾਂ ਨੂੰ ਜ਼ਿੰਦਗੀ ਵਿਚ ਅੱਗੇ ਵਧਣ ਲਈ ਲਾਂਚਪੈਡ ਮੁਹੱਈਆ ਕਰਵਾਏਗੀ। ਭਗਵੰਤ ਸਿੰਘ ਮਾਨ ਨੇ ਸਪੱਸ਼ਟ ਕਿਹਾ ਕਿ ਉਹ ਉਦੋਂ ਤੱਕ ਆਰਾਮ ਨਹੀਂ ਕਰਨਗੇ, ਜਦੋਂ ਤੱਕ ਪੰਜਾਬ ਦੇ ਵਿਦਿਆਰਥੀ ਆਪਣੇ ਮਿੱਥੇ ਟੀਚੇ ਪ੍ਰਾਪਤ ਨਹੀਂ ਕਰ ਲੈਂਦੇ। ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਨੌਜਵਾਨਾਂ ਦੇ ਵਿਚਾਰਾਂ ਨੂੰ ਖੰਭ ਦੇਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਸਮਾਜ ਵਿੱਚ ਆਪਣੀ ਵੱਖਰੀ ਪਛਾਣ ਬਣਾਉਣ ਲਈ ਹਰ ਸੰਭਵ ਯਤਨ ਕਰਨ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਜਿੱਤ 'ਤੇ ਮਾਣ ਨਾ ਕਰਨ, ਸਗੋਂ ਨਿਮਰਤਾ ਨਾਲ ਕੰਮ ਕਰਨ ਅਤੇ ਹੋਰ ਸਫ਼ਲਤਾ ਲਈ ਸਖ਼ਤ ਮਿਹਨਤ ਕਰਨ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਲਈ ਇੱਥੇ ਆਉਣਾ ਬਹੁਤ ਮਾਣ ਵਾਲੀ ਗੱਲ ਹੈ ਕਿਉਂਕਿ ਉਹ ਅਜਿਹੇ ਯੁਵਕ ਮੇਲਿਆਂ ਦੀ ਪੈਦਾਇਸ਼ ਹਨ। ਆਪਣੇ ਕਾਲਜ ਦੇ ਦਿਨਾਂ ਨੂੰ ਯਾਦ ਕਰਦਿਆਂ ਉਨ੍ਹਾਂ ਕਿਹਾ ਕਿ ਯੁਵਕ ਮੇਲੇ ਨੌਜਵਾਨਾਂ ਦੀ ਸਮੁੱਚੀ ਸ਼ਖ਼ਸੀਅਤ ਨੂੰ ਨਿਖਾਰਨ ਲਈ ਮੰਚ ਵਜੋਂ ਕੰਮ ਕਰਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਯੁਵਕ ਮੇਲਿਆਂ ਨੇ ਉਨ੍ਹਾਂ ਨੂੰ ਇੱਕ ਕਲਾਕਾਰ ਵਜੋਂ ਅਤੇ ਹੁਣ ਇੱਕ ਸਿਆ-ਸਤਦਾਨ ਵਜੋਂ ਜ਼ਿੰਦਗੀ ਵਿੱਚ ਸਫ਼ਲ ਹੋਣ ਵਿੱਚ ਮਦਦ ਕੀਤੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਨੌਜਵਾਨਾਂ ਨੂੰ ਸਰਬਪੱਖੀ ਵਿਕਾਸ ਲਈ ਇਨ੍ਹਾਂ ਪਲੇਟਫਾਰਮਾਂ ਦੀ ਵਰਤੋਂ ਕਰਨੀ ਚਾਹੀਦੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਖ਼ੁਦ ਵੱਖ-ਵੱਖ ਯੁਵਕ ਮੇਲਿਆਂ ਵਿੱਚ ਪ੍ਰਦਰਸ਼ਨ ਕੀਤਾ ਅਤੇ ਆਪਣੇ ਕਾਲਜ ਲਈ ਟਰਾਫੀਆਂ ਜਿੱਤੀਆਂ ਅਤੇ ਕਿਹਾ ਕਿ ਜਿੱਤਣਾ ਹੀ ਉਨ੍ਹਾਂ ਦਾ ਇੱਕੋ ਇੱਕ ਜਨੂੰਨ ਸੀ ਅਤੇ ਉਹ ਹਮੇਸ਼ਾ ਜਿੱਤਣ ਦੀ ਸਕਾਰਾਤਮਕ ਸੋਚ ਰੱਖਦੇ ਸਨ।

ਮੁੱਖ ਮੰਤਰੀ ਨੇ ਨੌਜਵਾਨਾਂ ਨੂੰ ਆਪਣਾ ਸਰਵੋਤਮ ਪ੍ਰਦਰਸ਼ਨ ਕਰਨ ਦਾ ਸੱਦਾ ਦਿੱਤਾ ਕਿਉਂਕਿ ਅੰਤ ਵਿੱਚ ਪ੍ਰਦਰਸ਼ਨ ਹੀ ਮਾਇਨੇ ਰੱਖਦਾ ਹੈ। ਭਗਵੰਤ ਸਿੰਘ ਮਾਨ ਨੇ ਨੌਜਵਾਨਾਂ ਨੂੰ ਜਿੱਤ ਤੋਂ ਬਾਅਦ ਵੀ ਡਟੇ ਰਹਿਣ ਅਤੇ ਸਖ਼ਤ ਮਿਹਨਤ ਵਿੱਚ ਵਿਸ਼ਵਾਸ ਰੱਖਣ ਲਈ ਕਿਹਾ ਕਿਉਂਕਿ ਇਹ ਹੀ ਸਫਲਤਾ ਦੀ ਕੁੰਜੀ ਹੈ। ਉਨ੍ਹਾਂ ਕਿਹਾ ਕਿ ਇਹ ਯੁਵਕ ਮੇਲੇ ਸਫਲ ਅਤੇ ਚੰਗੇ ਇਨਸਾਨ ਬਣਨ ਦਾ ਮੰਚ ਪ੍ਰਦਾਨ ਕਰਦੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੇ ਪਿਤਾ ਸਾਇੰਸ ਦੇ ਅਧਿਆਪਕ ਸਨ ਅਤੇ ਚਾਹੁੰਦੇ ਸਨ ਕਿ ਉਹ ਵਿੱਦਿਅਕ ਖੇਤਰ ਵਿੱਚ ਤਰੱਕੀ ਹਾਸਲ ਕਰਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕਲਾ ਅਤੇ ਸੱਭਿਆਚਾਰ ਪ੍ਰਤੀ ਜਨੂੰਨ ਕਾਰਨ ਆਖਰਕਾਰ ਉਹ ਇਸ ਖੇਤਰ ਵਿੱਚ ਸਫਲ ਹੋਏ। ਉਨ੍ਹਾਂ ਨੇ ਨੌਜਵਾਨਾਂ ਨੂੰ ਕਿਹਾ ਕਿ ਸਫਲਤਾ ਪ੍ਰਾਪਤ ਕਰਨ ਤੋਂ ਬਾਅਦ ਪੁਰਾਣੇ ਰਿਸ਼ਤਿਆਂ, ਦੋਸਤਾਂ ਤੇ ਅਧਿਆਪਕਾਂ ਦੀ ਕਦਰ ਕਰਨ।

ਪੰਜਾਬ ਨੂੰ ਵਿਸ਼ਵ ਭਰ ਵਿੱਚ ਮੋਹਰੀ ਸੂਬਾ ਬਣਾਉਣ ਲਈ ਨੌਜਵਾਨਾਂ ਨੂੰ ਸਰਗਰਮ ਭੂਮਿਕਾ ਨਿਭਾਉਣ ਅਤੇ ਸੂਬਾ ਸਰਕਾਰ ਦਾ ਸਮਰਥਨ ਕਰਨ ਦਾ ਸੱਦਾ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਨੌਜਵਾਨਾਂ ਨੂੰ ਬੇਅੰਤ ਤਾਕਤ ਅਤੇ ਪ੍ਰਤਿਭਾ ਦੀ ਬਖ਼ਸ਼ਿਸ਼ ਹੈ, ਜਿਸ ਨੇ ਹਮੇਸ਼ਾ ਪੰਜਾਬ ਨੂੰ ਦੇਸ਼ ਵਿੱਚ ਮੋਹਰੀ ਬਣਾਉਣ ਲਈ ਪ੍ਰੇਰਕ ਵਜੋਂ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ, ਜਦੋਂ ਨੌਜਵਾਨਾਂ ਨੂੰ ਸੂਬੇ ਅਤੇ ਸਮਾਜ ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ ਸਕਾਰਾਤਮਕ ਯੋਗਦਾਨ ਪਾਉਣਾ ਚਾਹੀਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੀ ਭਲਾਈ ਅਤੇ ਤਰੱਕੀ ਲਈ ਵਚਨਬੱਧ ਹੈ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਤੋਂ ਪਹਿਲੇ ਆਗੂ ਕਦੇ ਵੀ ਅਜਿਹੇ ਸਮਾਗਮਾਂ ਵਿੱਚ ਸ਼ਾਮਲ ਨਹੀਂ ਹੋਏ ਕਿਉਂਕਿ ਉਨ੍ਹਾਂ ਨੂੰ ਨੌਜਵਾਨਾਂ ਦੀ ਭਲਾਈ ਦੀ ਕੋਈ ਪ੍ਰਵਾਹ ਨਹੀਂ ਸੀ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਨੂੰ ਸਭ ਤੋਂ ਵੱਧ ਤਰਜੀਹ ਦੇ ਰਹੀ ਹੈ, ਜਿਸ ਲਈ ਉਹ ਬਿਨਾਂ ਖੁੰਝੇ ਅਜਿਹੇ ਸਮਾਗਮਾਂ ਵਿੱਚ ਸ਼ਾਮਲ ਹੋ ਰਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨੌਜਵਾਨਾਂ ਦੀ ਭਲਾਈ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ ਹੈ ਅਤੇ ਇਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ।

ਇਸ ਦੌਰਾਨ ਵਿਦਿਆਰਥੀਆਂ ਦੀ ਮੰਗ 'ਤੇ ਮੁੱਖ ਮੰਤਰੀ ਨੇ ਆਪਣੇ ਕਾਲਜ ਦੇ ਸਾਥੀ ਅਤੇ ਕਲਾਕਾਰ ਕਰਮਜੀਤ ਅਨਮੋਲ ਦੇ ਨਾਲ ਸਟੇਜ ਤੋਂ ਉੱਘੇ ਪੰਜਾਬੀ ਕਵੀ ਸੰਤ ਰਾਮ ਉਦਾਸੀ ਦੁਆਰਾ ਲਿਖੀ ਕਵਿਤਾ 'ਮਘਦਾ ਰਹੀਂ ਵੇ ਸੂਰਜਾ ਕੰਮੀਆਂ ਦੇ ਵਿਹੜੇ' ਸੁਣਾ ਕੇ ਸਰੋਤਿਆਂ ਨੂੰ ਮੰਤਰ-ਮੁਗਧ ਕਰ ਦਿੱਤਾ। ਉਨ੍ਹਾਂ ਕਿਹਾ ਕਿ ਇਹ ਕ੍ਰਾਂਤੀਕਾਰੀ ਕਵਿਤਾ ਉਨ੍ਹਾਂ ਦੇ ਦਿਲ ਦੇ ਬਹੁਤ ਨੇੜੇ ਹੈ ਕਿਉਂਕਿ ਉਹ ਆਪਣੇ ਕਾਲਜ ਦੇ ਦਿਨਾਂ ਦੌਰਾਨ ਵੱਖ-ਵੱਖ ਮੁਕਾਬਲਿਆਂ ਵਿੱਚ ਇਹ ਕਵਿਤਾ ਸੁਣਾਉਂਦੇ ਸਨ ਅਤੇ ਅੱਜ ਉਨ੍ਹਾਂ ਨੇ ਆਪਣੇ ਕਾਲਜ ਦੇ ਦਿਨਾਂ ਨੂੰ ਚੇਤੇ ਕੀਤਾ ਹੈ। ਆਪਣੀ ਕਿਸਮ ਦੀ ਪਹਿਲੀ ਪੇਸ਼ਕਾਰੀ ਤਹਿਤ ਸਟੇਜ ਤੋਂ ਦੋ ਮਿੰਟ ਤੱਕ ਕਵਿਤਾ ਸੁਣਾ ਕੇ ਭਗਵੰਤ ਸਿੰਘ ਮਾਨ ਨੇ ਸਰੋਤਿਆਂ ਨੂੰ ਕੀਲ ਕੇ ਰੱਖ ਦਿੱਤਾ। ਇਸ ਦੌਰਾਨ ਮੌਕੇ 'ਤੇ ਮੌਜੂਦ ਵਿਦਿਆਰਥੀਆਂ, ਅਧਿਆਪਕਾਂ ਅਤੇ ਹੋਰਾਂ ਨੇ ਮੁੱਖ ਮੰਤਰੀ ਦੀ ਇਸ ਦੁਰਲੱਭ ਪੇਸ਼ਕਾਰੀ ਦੀ ਭਰਪੂਰ ਸ਼ਲਾਘਾ ਕੀਤੀ।


CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO • HOME • TRUCK • BUSINESS • LIFE • MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094



Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us




Capital DRUG TESTING
CAPITAL DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse,
DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com




## ਪੰਜਾਬ ਪੁਲਿਸ ਵੱਲੋਂ ਹਥਿਆਰਾਂ ਦੀ ਖੇਪ ਪਹੁੰਚਾਉਣ ਦੀ ਕੋਸ਼ਿਸ਼ ਕਰਦੇ ਦੋ ਵਿਅਕਤੀਆਂ ਕਾਬੂ, 8 ਆਧੁਨਿਕ ਪਿਸਤੌਲ ਬਰਾਮਦ

### ਗ੍ਰਿਫ਼ਤਾਰ ਕੀਤੇ ਗਏ ਵਿਅਕਤੀ ਹਥਿਆਰਾਂ ਦੀ ਖੇਪ ਪਹੁੰਚਾਉਣ ਲਈ ਕਿਸੇ ਦੀ ਉਡੀਕ ਕਰ ਰਹੇ ਸਨ : ਡੀਜੀਪੀ ਗੌਰਵ ਯਾਦਵ




ਅੰਮ੍ਰਿਤਸਰ, 1 ਦਸੰਬਰ (ਗਿਆਨ ਸਿੰਘ): ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਨੈਟਵਰਕਾਂ ਨੂੰ ਵੱਡਾ ਝਟਕਾ ਦਿੰਦਿਆਂ, ਪੰਜਾਬ ਪੁਲਿਸ ਦੀ ਕਾਊਂਟਰ ਇੰਟੈਲੀਜੈਂਸ (ਸੀ.ਆਈ.) ਅੰਮ੍ਰਿਤਸਰ ਨੇ ਦੋ ਵਿਅਕਤੀਆਂ ਨੂੰ ਉਸ ਸਮੇਂ ਗ੍ਰਿਫਤਾਰ ਕੀਤਾ ਹੈ ਜਦੋਂ ਉਹ ਪਾਕਿਸਤਾਨ ਤੋਂ ਤਸਕਰੀ ਕੀਤੀ ਗਈ ਹਥਿਆਰਾਂ ਦੀ ਖੇਪ ਸੌਂਪਣ ਲਈ ਕਿਸੇ ਹੋਰ ਸੰਚਾਲਕ ਦੀ ਉਡੀਕ ਕਰ ਰਹੇ ਸਨ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਜਗਜੀਤ ਸਿੰਘ ਉਰਫ਼ ਨਿੱਕੂ ਅਤੇ ਗੁਰਵਿੰਦਰ ਸਿੰਘ ਉਰਫ਼ ਗਾਂਧੀ ਦੋਵੇਂ ਵਾਸੀ ਪਿੰਡ ਕੌਲੋਵਾਲ ਜ਼ਿਲ੍ਹਾ ਅੰਮ੍ਰਿਤਸਰ ਵਜੋਂ ਹੋਈ ਹੈ।

ਪੁਲਿਸ ਟੀਮਾਂ ਨੇ ਉਕਤ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ ਅੱਠ ਅਤਿ ਆਧੁਨਿਕ ਪਿਸਤੌਲਾਂ ਜਿਨ੍ਹਾਂ ਵਿੱਚ ਚਾਰ ਗਲੌਕ ਪਿਸਤੌਲਾਂ (ਆਸਟਰੀਆ ਦੇ ਬਣੇ ਹੋਏ), ਦੋ ਤੁਰਕੀ 9 ਐਮ.ਐਮ. ਪਿਸਤੌਲਾਂ ਅਤੇ ਦੋ ਐਕਸ ਸ਼ਾਟ ਜ਼ਿਗਾਨਾ .30 ਬੋਰ ਦੇ ਪਿਸਤੌਲਾਂ ਸਮੇਤ 10 ਕਾਰਤੂਸ ਸ਼ਾਮਲ ਹਨ, ਦੀ ਖੇਪ ਵੀ ਬਰਾਮਦ ਕੀਤੀ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਖੁਫੀਆ ਜਾਣਕਾਰੀ 'ਤੇ ਕੀਤੀ ਗਈ ਕਾਰਵਾਈ ਦੌਰਾਨ ਸੀਆਈ ਅੰਮ੍ਰਿਤਸਰ ਦੀਆਂ ਟੀਮਾਂ ਨੂੰ ਪਤਾ ਲੱਗਾ ਕਿ ਕੁਝ ਵਿਅਕਤੀ ਪਾਕਿਸਤਾਨ ਤੋਂ ਭਾਰਤ ਵਿੱਚ ਹਥਿਆਰਾਂ ਦੀ ਵੱਡੀ ਖੇਪ ਦੀ ਤਸਕਰੀ ਕਰਨ ਵਿੱਚ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਇਸ ਸੂਚਨਾ 'ਤੇ ਤੁਰੰਤ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਜਾਲ ਵਿਛਾ ਕੇ ਮੁਲਜ਼ਮ ਜਗਜੀਤ ਉਰਫ਼ ਨਿੱਕੂ ਅਤੇ ਗੁਰਵਿੰਦਰ ਉਰਫ਼ ਗਾਂਧੀ ਨੂੰ ਅੰਮ੍ਰਿਤਸਰ ਦੇ ਘਰਿੰਡਾ ਨੇੜੇ ਨੂਰਪੁਰ ਪਧਰੀ ਤੋਂ ਉਸ ਸਮੇਂ ਕਾਬੂ ਕਰ ਲਿਆ ਜਦੋਂ ਉਹ ਖੇਪ ਦੀ ਡਿਲਿਵਰੀ ਲਈ ਕਿਸੇ ਦੀ ਉਡੀਕ ਕਰ ਰਹੇ ਸਨ।

ਡੀਜੀਪੀ ਨੇ ਕਿਹਾ ਕਿ ਸੀਆਈ ਅੰਮ੍ਰਿਤਸਰ ਨੇ ਇਸ ਮਾਡਿਊਲ ਦੇ ਮੁੱਖ ਸਰਗਨਾ ਵੀ ਦੀ ਪਛਾਣ ਕਰ ਲਈ ਹੈ ਅਤੇ ਉਸ ਨੂੰ ਫੜਨ ਲਈ ਕਈ ਟੀਮਾਂ ਦਾ ਗਠਨ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਸ ਮਾਡਿਊਲ ਦਾ ਮੁੱਖ ਸਰਗਨਾ ਏਨਕ੍ਰਿਪਟਡ ਐਪਸ ਰਾਹੀਂ ਪਾਕਿਸਤਾਨ ਅਧਾਰਿਤ ਹਥਿਆਰ ਤਸਕਰਾਂ ਦੇ ਸੰਪਰਕ ਵਿੱਚ ਸੀ। ਉਨ੍ਹਾਂ ਅੱਗੇ ਦੱਸਿਆ ਕਿ ਇਸ ਮਾਮਲੇ ਦੇ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ।

ਇਸ ਸਬੰਧੀ ਐਫਆਈਆਰ ਨੰਬਰ 66 ਮਿਤੀ 29.11.2024 ਨੂੰ ਪੁਲਿਸ ਸਟੇਸ਼ਨ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸ.ਐਸ.ਓ.ਸੀ.) ਅੰਮ੍ਰਿਤਸਰ ਵਿਖੇ ਅਸਲਾ ਐਕਟ ਦੀ ਧਾਰਾ 25 ਅਤੇ ਭਾਰਤੀ ਨਿਆ ਸੰਹਿਤਾ (ਬੀ.ਐਨ.ਐਸ.) ਦੀ ਧਾਰਾ 61(2) ਤਹਿਤ ਕੇਸ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਨੂੰ ਸਥਾਨਕ ਅਦਾਲਤ ਵਿੱਚ ਪੇਸ਼ ਕਰਕੇ ਪੁਲੀਸ ਰਿਮਾਂਡ ਹਾਸਲ ਕੀਤਾ ਜਾਵੇਗਾ।

# ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਜੀਐਸਟੀ ਮੁਆਵਜ਼ਾ ਸੈੱਸ ਪ੍ਰਣਾਲੀ ਨੂੰ 2026 ਤੋਂ ਅੱਗੇ ਵਧਾਉਣ ਲਈ ਜ਼ੋਰਦਾਰ ਵਕਾਲਤ

## ਜੀ.ਐਸ.ਟੀ ਵਿੱਚ ਵੱਖ-ਵੱਖ ਟੈਕਸਾਂ ਨੂੰ ਸ਼ਾਮਲ ਕਾਰਨ ਹੋਏ ਮਾਲੀਏ ਦੇ ਨੁਕਸਾਨ ਦਾ ਮਾਮਲਾ ਜ਼ੋਰਦਾਰ ਢੰਗ ਨਾਲ ਕੀਤਾ ਪੇਸ਼



ਚੰਡੀਗੜ੍ਹ, 2 ਦਸੰਬਰ (ਪੋਸਟ ਬਿਊਰੋ): ਵਸਤੂਆਂ ਅਤੇ ਸੇਵਾਵਾਂ ਕਰ (ਜੀ.ਐੱਸ.ਟੀ.) ਮੁਆਵਜ਼ਾ ਸੈੱਸ ਪ੍ਰਣਾਲੀ ਨੂੰ ਜਾਰੀ ਰੱਖਣ ਲਈ ਪ੍ਰਭਾਵਸ਼ਾਲੀ ਢੰਗ ਨਾਲ ਵਕਾਲਤ ਕਰਦਿਆਂ ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ 31 ਮਾਰਚ, 2026 ਤੋਂ ਬਾਅਦ ਵੀ ਵਸਤੂਆਂ ਅਤੇ ਸੇਵਾਵਾਂ ਕਰ (ਜੀ.ਐੱਸ.ਟੀ.) ਮੁਆਵਜ਼ਾ ਸੈੱਸ ਪ੍ਰਣਾਲੀ ਨੂੰ ਜਾਰੀ ਰੱਖਣ ਦੀ ਜ਼ੋਰਦਾਰ ਸਿਫਾਰਸ਼ ਕੀਤੀ ਤਾਂ ਜੋ ਇਹ ਸੁਨਿ-ਸ਼ਚਿਤ ਕੀਤਾ ਜਾਵੇ ਕਿ ਵੱਖ-ਵੱਖ ਟੈਕਸਾਂ ਨੂੰ ਜੀ.ਐਸ.ਟੀ ਵਿੱਚ ਸ਼ਾਮਲ ਕਰਨ ਨਾਲ ਸੂਬਿਆਂ ਨੂੰ ਹੋ ਰਹੇ ਨੁਕਸਾਨ ਦੀ ਪੂਰਤੀ ਕੀਤੀ ਜਾ ਸਕੇ। ਇਹ ਸਿਫਾਰਿਸ਼ ਅੱਜ ਮੁਆਵਜ਼ਾ ਸੈੱਸ ਬਾਰੇ ਮੰਤਰੀਆਂ ਦੇ ਸਮੂਹ (ਜੀ.ਓ.ਐਮ) ਦੀ ਮੀਟਿੰਗ ਦੌਰਾਨ ਕੀਤੀ ਗਈ, ਜਿਸ ਵਿੱਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੀਡੀਓ ਕਾਨਫਰੰਸਿੰਗ ਰਾਹੀਂ ਸ਼ਾਮਿਲ ਹੋਏ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਜ਼ੋਰ ਦੇ ਕੇ ਕਿਹਾ ਕਿ ਵਸਤੂਆਂ ਅਤੇ ਸੇਵਾਵਾਂ (ਰਾਜਾਂ ਨੂੰ ਮੁਆਵਜ਼ਾ) ਐਕਟ 2017 ਦੇ ਅਨੁਸ-ਾਰ ਜੀ.ਐਸ.ਟੀ ਕੌਂਸਲ ਕੋਲ ਮੁਆਵਜ਼ੇ ਦੀ ਮਿਆਦ ਨੂੰ ਪੰਜ ਸਾਲਾਂ ਤੋਂ ਅੱਗੇ ਵਧਾਉਣ ਦੀ ਸਿਫ਼ਾਰਸ਼ ਕਰਨ ਦਾ ਅਧਿਕਾਰ ਹੈ। ਉਨ੍ਹਾਂ ਨੇ ਅਨਾਜ 'ਤੇ ਖਰੀਦ ਟੈਕਸ ਨੂੰ ਜੀ.ਐਸ.ਟੀ ਵਿੱਚ ਸ਼ਾਮਲ ਕਰਨ ਕਾਰਨ ਪੰਜਾਬ ਨੂੰ ਦਰਪੇਸ਼ ਮਹੱਤਵਪੂਰਨ ਅਤੇ ਸਥਾਈ ਮਾਲੀਏ ਦੇ ਨੁਕਸਾਨ ਦਾ ਵਿਸ਼ੇਸ਼ ਤੌਰ 'ਤੇ ਜਿਕਰ ਕੀਤਾ। ਉਨ੍ਹਾਂ ਕਿਹਾ ਕਿ ਇਹ ਟੈਕਸ ਜੀਐਸਟੀ ਪ੍ਰਣਾਲੀ ਲਾਗੂ ਹੋਣ ਤੋਂ ਪਹਿਲਾਂ ਸੂਬੇ ਦੇ ਮਾਲੀਏ ਵਿੱਚ ਇੱਕ ਮਹੱਤਵਪੂਰਨ ਯੋਗਦਾਨ ਪਾਉਂਦਾ ਸੀ।

ਵਿੱਤ ਮੰਤਰੀ ਚੀਮਾ ਨੇ ਅੱਗੇ ਦੱਸਿਆ ਕਿ ਵੈਲਿਊ ਐਡਿਡ ਟੈਕਸ (ਵੈਟ) ਪ੍ਰਣਾਲੀ ਅਧੀਨ ਵਸਤਾਂ 'ਤੇ ਟੈਕਸ ਦੀ ਦਰ ਜੀਐਸਟੀ ਅਧੀਨ ਲਾਗੂ ਦਰਾਂ ਨਾਲੋਂ ਕਾਫ਼ੀ ਜ਼ਿਆਦਾ ਸੀ। ਉਨ੍ਹਾਂ ਕਿਹਾ ਕਿ ਇਸ ਵੱਡੇ ਫਰਕ ਕਾਰਨ ਸੂਬੇ ਨੂੰ ਮਾਲੀਏ ਦਾ ਕਾਫੀ ਨੁਕਸਾਨ ਹੋਇਆ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਨ੍ਹਾਂ ਵਿੱਤੀ ਚੁਣੌਤੀਆਂ ਨਾਲ ਨਜਿੱਠਣ ਅਤੇ ਪੰਜਾਬ ਵਰਗੇ ਰਾਜਾਂ ਦੀ ਵਿੱਤੀ ਸਥਿਰਤਾ ਨੂੰ ਯਕੀਨੀ ਬਣਾਉਣ ਲਈ ਜੀਐਸਟੀ ਮੁਆਵਜ਼ਾ ਸੈੱਸ ਪ੍ਰਣਾਲੀ ਨੂੰ ਜਾਰੀ ਰੱਖਣਾ ਜ਼ਰੂਰੀ ਹੈ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਕੀਤੀ ਗਈ ਇਹ ਸਿਫਾਰਿਸ਼ ਉਨ੍ਹਾਂ ਕਈ ਰਾਜਾਂ ਦੀਆਂ ਵਿਆਪਕ ਚਿੰਤਾਵਾਂ ਨੂੰ ਦਰਸਾਉਂਦਾ ਹੈ ਜਿਨ੍ਹਾਂ ਨੂੰ ਜੀਐਸਟੀ ਲਾਗੂ ਕਰਨ ਕਾਰਨ ਪੰਜਾਬ ਵਾਂਗ ਮਾਲੀਆ ਨੁਕਸਾਨ ਹੋਇਆ ਹੈ। ਉਨ੍ਹਾਂ ਦੀ ਸਿਫ਼ਾਰਿਸ਼ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਰਾਜਾਂ ਨੂੰ ਉਨ੍ਹਾਂ ਨੂੰ ਲੱਗੇ ਵਿੱਤੀ ਝਟਕਿਆਂ ਲਈ ਢੁਕਵੇਂ ਰੂਪ ਵਿੱਚ ਮੁਆਵਜ਼ਾ ਦਿੱਤਾ ਜਾਵੇ ਤਾਂ ਜੋ ਉਹ ਆਪਣੇ ਨਾਗਰਿਕਾਂ ਲਈ ਜ਼ਰੂਰੀ ਸੇਵਾਵਾਂ ਅਤੇ ਵਿਕਾਸ ਪਹਿਲਕਦਮੀਆਂ ਪ੍ਰਦਾਨ ਕਰਨਾ ਜਾਰੀ ਰੱਖ ਸਕਣ। ਜੀਐਸਟੀ ਮੁਆਵਜ਼ਾ ਸੈੱਸ ਪ੍ਰਣਾਲੀ ਦੇ ਵਿਸਤਾਰ ਲਈ ਵਿੱਤ ਮੰਤਰੀ ਦੀ ਜ਼ੋਰਦਾਰ ਵਕਾਲਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸੂਬੇ ਦੇ ਵਿੱਤੀ ਹਿੱਤਾਂ ਦੀ ਰਾਖੀ ਲਈ ਵਚਨਬੱਧਤਾ ਨੂੰ ਵੀ ਦਰਸਾਉਂਦੀ ਹੈ।

# ਪੰਜਾਬ ਵੱਲੋਂ ਨਵੰਬਰ ਮਹੀਨੇ ਵਿੱਚ ਨੈੱਟ ਜੀ.ਐਸ.ਟੀ ਵਿੱਚ 62.93 ਫੀਸਦੀ ਵਾਧਾ ਦਰਜ : ਹਰਪਾਲ ਚੀਮਾ

## -ਵਿੱਤੀ ਸਾਲ 2023-24 ਦੇ ਮੁਕਾਬਲੇ ਨਵੰਬਰ ਨੈੱਟ ਜੀ.ਐਸ.ਟੀ ਵਿੱਚ 10.30 ਪ੍ਰਤੀਸ਼ਤ ਵਾਧਾ
## -ਆਬਕਾਰੀ ਵਿੱਚ ਵੀ ਨਵੰਬਰ 2024 ਤੱਕ 13.17 ਪ੍ਰਤੀਸ਼ਤ ਦੀ ਪ੍ਰਭਾਵਸ਼ਾਲੀ ਵਾਧਾ

ਚੰਡੀਗੜ੍ਹ, 2 ਦਸੰਬਰ (ਪੋਸਟ ਬਿਊਰੋ): ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਐਲਾਨ ਕੀਤਾ ਕਿ ਸੂਬੇ ਨੇ ਨਵੰਬਰ 2023 ਦੇ ਮੁਕਾਬਲੇ ਨਵੰਬਰ 2024 ਦੌਰਾਨ ਨੈੱਟ ਜੀ.ਐੱਸ.ਟੀ. ਪ੍ਰਾਪਤੀ ਵਿੱਚ 62.93 ਫੀਸਦੀ ਦੀ ਪ੍ਰਭਾਵਸ਼ਾਲੀ ਵਾਧਾ ਦਰ ਦਰਜ ਕੀਤੀ ਹੈ। ਇਸ ਤੋਂ ਇਲਾਵਾ ਇਸ ਵਿੱਤੀ ਸਾਲ ਦੌਰਾਨ ਨਵੰਬਰ ਤੱਕ ਕੁੱਲ ਜੀ.ਐੱਸ.ਟੀ. ਪ੍ਰਾਪਤੀ ਵਿੱਚ ਵਿੱਤੀ ਸਾਲ 2023-24 ਦੀ ਇਸੇ ਮਿਆਦ ਦੇ ਮੁਕਾਬਲੇ 10.30 ਪ੍ਰਤੀਸ਼ਤ ਵਾਧਾ ਦਰਜ਼ ਕੀਤਾ ਗਿਆ।

ਇਥੇ ਜਾਰੀ ਪ੍ਰੈਸ ਬਿਆਨ ਰਾਹੀਂ ਇਹ ਖੁਲਾਸਾ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਇਸ ਸਾਲ ਨਵੰਬਰ ਵਿੱਚ ਕੁੱਲ ਜੀਐਸਟੀ ਪ੍ਰਾਪਤੀ 2,477.37 ਕਰੋੜ ਰੁਪਏ ਹੈ, ਜੋ ਨਵੰਬਰ 2023 ਵਿੱਚ ਪ੍ਰਾਪਤ 1,520.55 ਕਰੋੜ ਦੇ ਮੁਕਾ-ਬਲੇ 956.82 ਕਰੋੜ ਦਾ ਵਾਧਾ ਦਰਸਾਉਂਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਵਿੱਤੀ ਸਾਲ ਵਿੱਚ ਨਵੰਬਰ ਤੱਕ ਕੁੱਲ ਜੀਐਸਟੀ ਕੁਲੈਕਸ਼ਨ 15,392.79 ਕਰੋੜ ਰੁਪਏ ਹੈ, ਜੋ ਕਿ ਵਿੱਤੀ ਸਾਲ 2023-24 ਦੀ ਇਸੇ ਮਿਆਦ ਵਿੱਚ ਪ੍ਰਾਪਤ 13,955.38 ਕਰੋੜ ਰੁਪਏ ਦੇ ਮੁਕਾਬਲੇ 1,437.41 ਕਰੋੜ ਰੁਪਏ ਦੇ ਵਾਧੇ ਨੂੰ ਦਰਸਾਉਂਦਾ ਹੈ।

ਵਿੱਤ ਮੰਤਰੀ ਚੀਮਾ ਨੇ ਅੱਗੇ ਦੱਸਿਆ ਕਿ ਇਸ ਸਾਲ ਨਵੰਬਰ ਵਿੱਚ ਵੈਟ, ਸੀਐਸਟੀ, ਜੀਐਸਟੀ, ਪੀਐਸਡੀਟੀ, ਅਤੇ ਆਬਕਾਰੀ ਤੋਂ ਕੁੱਲ ਕੁਲੈਕਸ਼ਨ 4,004.96 ਕਰੋੜ ਰੁਪਏ ਹੈ, ਜਦੋਂ ਕਿ ਨਵੰਬਰ 2023 ਵਿੱਚ ਇਹ 3,026.86 ਕਰੋੜ ਰੁਪਏ ਸੀ। ਉਨ੍ਹਾਂ ਕਿਹਾ ਕਿ ਇਸ ਵਿੱਤ ਵਰ੍ਹੇ ਦੌਰਾਨ ਨਵੰਬਰ ਤੱਕ ਇਨ੍ਹਾਂ ਕਰਾਂ ਤੋਂ ਕੁੱਲ 27,481.57 ਕਰੋੜ ਰੁਪਏ ਪ੍ਰਾਪਤ ਹੋਏ ਹਨ ਜਦੋਂ ਕਿ ਵਿੱਤੀ ਸਾਲ 2023-24 ਦੇ ਇਸੇ ਅਰਸੇ ਦੌਰਾਨ 24,972.48 ਕਰੋੜ ਰੁਪਏ ਪ੍ਰਾਪਤ ਹੋਏ ਸਨ। ਇਸ ਤਰ੍ਹਾਂ ਇੰਨ੍ਹਾ ਕਰਾਂ ਤੋਂ ਪ੍ਰਾਪਤ ਮਾਲੀਏ ਵਿੱਚ ਕੁੱਲ 2,509.09 ਕਰੋੜ ਰੁਪਏ ਦਾ ਵਾਧਾ ਹੋਇਆ ਹੈ।

ਆਬਕਾਰੀ ਤੋਂ ਪ੍ਰਾਪਤ ਮਾਲੀਏ ਵਿੱਚ ਵੀ ਨਵੰਬਰ 2024 ਵਿੱਚ 6.42 ਪ੍ਰਤੀਸ਼ਤ ਵਾਧੇ ਅਤੇ ਨਵੰਬਰ ਮਹੀਨੇ ਤੱਕ 13.17 ਪ੍ਰਤੀਸ਼ਤ ਦੇ ਪ੍ਰਭਾਵਸ਼ਾਲੀ ਵਾਧੇ ਦਾ ਜਿਕਰ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਨਵੰਬਰ 2023 ਦੇ 747.37 ਕਰੋੜ ਦੇ ਮੁਕਾਬਲੇ ਇਸ ਸਾਲ ਨਵੰਬਰ ਲਈ ਕੁੱਲ ਆਬਕਾਰੀ ਪ੍ਰਾਪਤੀ 795.37 ਕਰੋੜ ਹੈ। ਉਨ੍ਹਾਂ ਕਿਹਾ ਕਿ ਇਸ ਵਿੱਤ ਵਰ੍ਹੇ ਦੌਰਾਨ ਨਵੰਬਰ ਤੱਕ ਕੁੱਲ ਆਬਕਾਰੀ ਮਾਲੀਆ 6,733.47 ਕਰੋੜ ਰਿਹਾ ਹੈ ਜਦੋਂ ਕਿ ਵਿੱਤੀ ਸਾਲ 2023-24 ਦੀ ਇਸੇ ਮਿਆਦ ਦੌਰਾਨ ਇਹ 5,949.84 ਕਰੋੜ ਰੁਪਏ ਸੀ, ਇਸ ਤਰ੍ਹਾਂ ਸੂਬੇ ਨੇ ਇਸ ਵਿੱਤੀ ਸਾਲ ਆਬਕਾਰ ਤੋਂ 783.63 ਕਰੋੜ ਰੁਪਏ ਹੋਰ ਕਮਾਏ ਹਨ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਜੀਐਸਟੀ ਅਤੇ ਆਬਕਾਰੀ ਵਸੂਲੀ ਵਿੱਚ ਵਾਧੇ ਦਾ ਸਿਹਰਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਕਰ ਪਾਲਣਾ ਅਤੇ ਲਾਗੂ ਕਰਨ ਵਿੱਚ ਸੁਧਾਰ ਕਰਨ ਦੇ ਯਤਨਾਂ ਦੇ ਸਿਰ ਬੰਨ੍ਹਿਆ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਰਾਜ ਆਉਣ ਵਾਲੇ ਮਹੀਨਿਆਂ ਵਿੱਚ ਕਰ ਵਸੂਲੀ ਵਿੱਚ ਮਹੱਤਵਪੂਰਨ ਵਾਧੇ ਦੀ ਗਵਾਹੀ ਭਰਨਾ ਜਾਰੀ ਰੱਖੇਗਾ।

# ਔਰਤਾਂ ਹਰ ਖੇਤਰ ਵਿੱਚ ਮਾਰ ਸਕਦੀਆਂ ਹਨ ਮੱਲਾਂ : ਡਾਕਟਰ ਬਲਜੀਤ ਕੌਰ

## ਕੈਂਪ ਦਾ ਮੁੱਖ ਮੰਤਵ ਔਰਤਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨਾ ਅਤੇ ਨੌਜਵਾਨ ਲੜਕੀਆਂ ਨੂੰ ਰੁਜ਼ਗਾਰ ਦੇਣਾ



ਚੰਡੀਗੜ੍ਹ, 2 ਦਸੰਬਰ (ਪੋਸਟ ਬਿਊਰੋ): ਔਰਤਾਂ ਹਰੇਕ ਖੇਤਰ ਵਿੱਚ ਮੱਲਾਂ ਮਾਰ ਰਹੀਆਂ ਹਨ ਅਜਿਹਾ ਕੋਈ ਵੀ ਖੇਤਰ ਨਹੀਂ ਜਿੱਥੇ ਔਰਤਾਂ ਦਾ ਅਹਿਮ ਯੋਗਦਾਨ ਨਾ ਹੋਵੇ, ਇਹਨਾਂ ਗੱਲਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਮਲੋਟ ਦੇ ਪਿੰਡ ਦਾਨੇਵਾਲਾ ਵਿਖੇ ਰਾਜ ਪੱਧਰੀ ਸ਼ੁਰੂਆਤੀ ਸਮਾਗਮ ਦੌਰਾਨ ਔਰਤਾਂ ਲਈ ਸਿਹਤ ਅਤੇ ਰੋਜ਼ਗਾਰ ਸਬੰਧੀ ਲਗਾਏ ਗਏ ਕੈਂਪ ਮੌਕੇ ਕੀਤਾ।

ਇਸ ਮੌਕੇ ਉਨ੍ਹਾਂ ਕਿਹਾ ਕਿ ਇਸ ਕੈਂਪ ਦਾ ਮੁੱਖ ਮੰਤਵ ਔਰਤਾਂ ਨੂੰ ਕੈਂਸਰ ਜਿਹੀ ਭਿਆਨਕ ਬਿਮਾਰੀ ਤੋਂ ਬਚਾਉਣਾ ਹੈ, ਇਸ ਕੈਂਪ ਵਿੱਚ ਕੈਂਸਰ ਦੀ ਸਕਰੀਨਿੰਗ ਸਬੰਧੀ 500 ਤੋਂ ਵੱਧ ਔਰਤਾਂ ਵੱਲੋਂ ਰਜਿਸਟ੍ਰੇਸ਼ਨ ਕਰਵਾਈ ਗਈ ਹੈ ਅਤੇ ਲੜਕੀਆਂ ਨੂੰ ਉਨ੍ਹਾਂ ਦੇ ਘਰ ਦੇ ਨੇੜੇ ਹੀ ਰੁਜ਼ਗਾਰ ਮੁਹੱਈਆ ਕਰਵਾਉਣਾ ਹੈ। ਰੋਜ਼ਗਾਰ ਸਬੰਧੀ 209 ਲੜਕੀਆਂ ਵੱਲੋਂ ਪਲੇਸਮੈਂਟ ਕੈਂਪ ਵਿੱਚ ਭਾਗ ਲਿਆ ਗਿਆ ਅਤੇ ਮੌਕੇ 'ਤੇ ਹੀ 134 ਲੜਕੀਆਂ ਦੀ 07 ਕੰਪਨੀਆਂ ਵੱਲੋਂ ਨੌਕਰੀ ਲਈ ਚੋਣ ਕੀਤੀ ਗਈ।

ਇਸ ਮੌਕੇ ਉਨ੍ਹਾਂ ਕਿਹਾ ਕਿ ਇਸ ਕੈਂਪ ਵਿੱਚ ਔਰਤਾਂ ਨੂੰ ਮੁਹੱਈਆ ਕਰਵਾਈਆਂ ਜਾਣ ਵਾਲੀਆਂ ਸਾਰੀਆਂ ਸੁਵਿਧਾਵਾਂ ਇਕੱਠੀਆਂ ਕੀਤੀਆਂ ਗਈਆਂ ਹਨ ਅਤੇ ਵੱਖ-ਵੱਖ ਵਿਭਾਗਾਂ ਵੱਲੋਂ ਵੱਖ-ਵੱਖ ਤਰ੍ਹਾਂ ਦੀਆਂ ਸਟਾਲਾਂ ਲਗਾਈਆਂ ਗਈਆਂ ਹਨ ਜਿਵੇਂ ਕਿ ਸਿਹਤ ਸੁਵਿਧਾਵਾਂ ਮੁਹੱਈਆ ਕਰਵਾਉਣਾ, ਵਿਧਵਾ ਪੈਨਸ਼ਨ, ਬੁਢਾਪਾ ਪੈਨਸ਼ਨ, ਰੋਜ਼ਗਾਰ ਸਬੰਧੀ ਪਲੇਸਮੈਂਟ ਕੈਂਪ, ਸਰੀਰ ਨੂੰ ਤੰਦਰੁਸਤ ਰੱਖਣ ਲਈ ਯੋਗਾ ਕਲਾਸ ਆਦਿ ਦੀਆਂ ਸਟਾਲਾਂ ਲਗਾਈਆਂ ਗਈਆਂ ਹਨ।

ਉਨ੍ਹਾਂ ਕਿਹਾ ਕਿ ਵਿਧਵਾ ਔਰਤਾਂ ਨੂੰ ਉਨ੍ਹਾਂ ਦੇ ਬੱਚਿਆਂ ਲਈ ਸਪਾਂਸਰਸ਼ਿਪ ਸਕੀਮ ਤਹਿਤ 4000 ਰੁਪਏ ਪ੍ਰਤੀ ਮਹੀਨਾ ਪ੍ਰੋਤਸਾਹਨ ਰਾਸ਼ੀ, ਘੱਟ ਵਿਆਜ ਦਰ 'ਤੇ ਲੋਨ ਦੀ ਸੁਵਿਧਾ ਆਦਿ ਸਹੂਲਤਾਂ ਵੀ ਵਿਭਾਗ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਸ ਮੌਕੇ ਉਨ੍ਹਾਂ 132 ਲਾਭਪਾਤਰੀਆਂ ਨੂੰ 51000 ਪ੍ਰਤੀ ਲਭਾਪਾਤਰੀ ਦੇ ਹਿਸਾਬ ਨਾਲ 67 ਲੱਖ 32 ਹਜ਼ਾਰ ਰੁਪਏ ਦੇ ਚੈੱਕ ਅਸ਼ੀਰਵਾਦ ਸਕੀਮ ਤਹਿਤ ਤਕਸੀਮ ਕੀਤੇ ਗਏ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਔਰਤਾਂ ਨੂੰ ਉਨ੍ਹਾਂ ਦੇ ਹੱਕਾਂ ਪ੍ਰਤੀ ਜਾਗਰੂਕ ਕਰਨ ਲਈ ਵਚਨਬੱਧ ਹੈ ਅਤੇ ਪੰਜਾਬ ਸਰਕਾਰ ਦਾ ਟੀਚਾ ਹੈ ਕਿ ਸੂਬੇ ਦੇ ਹਰ ਜ਼ਿਲ੍ਹੇ ਇਸ ਤਰ੍ਹਾਂ ਦੇ ਕੈਂਪ ਲਗਾਉਣਾ ਹੈ ਤਾਂ ਜੋ ਕੋਈ ਵੀ ਔਰਤ ਸਰਕਾਰ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਸੁਵਿਧਾਵਾਂ ਤੋਂ ਵਾਂਝੀ ਨਾ ਰਹੇ ਅਤੇ ਹਰ ਇੱਕ ਔਰਤ ਨੂੰ ਉਨ੍ਹਾਂ ਦੇ ਹੱਕਾਂ ਪ੍ਰਤੀ ਜਾਗਰੂਕ ਕੀਤਾ ਜਾ ਸਕੇ। ਇਸ ਮੌਕੇ ਸਕੂਲੀ ਬੱਚਿਆਂ ਵੱਲੋਂ ਸਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ ਅਤੇ ਕੈਬਨਿਟ ਮੰਤਰੀ ਵੱਲੋਂ 149 ਖਿਡਾਰੀਆਂ ਨੂੰ ਟਰੈਕ ਸੂਟ, 100 ਲੜਕੀਆਂ ਸਕੂਲੀ ਬੈਗ ਅਤੇ ਪਾਣੀ ਦੀਆਂ ਬੋਤਲਾਂ ਅਤੇ ਸਪਾਂਸਿਰਸ਼ਿਪ ਸਕੀਮ ਤਹਿਤ ਲਾਭਪਾਤਰੀਆਂ ਨੂੰ ਟੀ-ਸ਼ਰਟ ਅਤੇ ਬੈਗ ਵੀ ਵੰਡੇ ਗਏ।

ਇਸ ਮੌਕੇ ਵਿਸ਼ੇਸ਼ ਮੁੱਖ ਸਕੱਤਰ, ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ, ਰਾਜੀ ਪੀ. ਸ੍ਰੀਵਾਸਤਵਾ, ਵਿਸ਼ੇਸ਼ ਸਕੱਤਰ ਵਿੰਮੀ ਭੁੱਲਰ, ਡਿਪਟੀ ਕਮਿਸ਼ਨਰ, ਰਾਜੇਸ਼ ਤ੍ਰਿਪਾਠੀ, ਐਸ.ਡੀ.ਐਮ. ਮਲੋਟ ਡਾ. ਸੰਜੀਵ ਕੁਮਾਰ, ਬਲਾਕ ਕੋਆਰਾਡੀਨੇਟਰ, ਪੋਸ਼ਣ ਅਭਿਆਨ ਫਰੀਦਕੋਟ ਸੁਖਦੀਪ ਸਿੰਘ, ਡਿਪਟੀ ਡਾਇਰੈਕਟਰ ਸੁਖਦੀਪ ਸਿੰਘ, ਸੀ.ਡੀ.ਪੀ.ਓ.ਪੰਕਜ ਮੌਰੀਆ, ਤਹਿਸੀਲਦਾਰ ਮਲੋਟ ਜਤਿੰਦਰਪਾਲ ਸਿੰਘ ਜੇ.ਪੀ., ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਪ੍ਰਦੀਪ ਕੁਮਾਰ, ਚੇਅਰਮੈਨ ਸਹਿਕਾਰੀ ਬੈਂਕ ਪੰਜਾਬ ਜਗਦੇਵ ਸਿੰਘ ਬਾਂਮ, ਜ਼ਿਲ੍ਹਾ ਪ੍ਰਧਾਨ ਜਸ਼ਨ ਬਰਾੜ, ਬਲਾਕ ਪ੍ਰਧਾਨ ਸਿਮਰਜੀਤ ਸਿੰਘ ਬਰਾੜ, ਕੁਲਵਿੰਦਰ ਸਿੰਘ ਬਰਾੜ, ਲਾਭ ਸਿੰਘ, ਲਵਲੀ ਸੰਧੂ, ਰਮੇਸ਼ ਅਰਨੀਵਾਲਾ, ਮਨਜਿੰਦਰ ਸਿੰਘ ਕਾਕਾ ਉੜਾਂਗ, ਪਰਮਜੀਤ ਗਿੱਲ ਤੋਂ ਇਲਾਵਾ ਪਤਵੰਤੇ ਵਿਅਕਤੀ ਹਾਜ਼ਰ ਸਨ।


# ਸ਼ਹੀਦੀ ਸਮਾਗਮ

## ਸ੍ਰੀ ਮਾਛੀਵਾੜਾ ਸਾਹਿਬ ਇਲਾਕਾ ਨਿਵਾਸੀਆਂ ਸੰਗਤਾ ਵਲੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ, ਮਾਲਟਨ ਗੁਰੂਘਰ।

ਦਸਵੀਂ ਪਾਤਿਸ਼ਾਹੀ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸ੍ਰੀ ਮਾਛੀਵਾੜੇ ਸਾਹਿਬ ਦੀ ਧਰਤੀ 'ਤੇ ਪਹੁੰਚਣ ਤੇ ਉਹਨਾਂ ਦੀ ਆਮਦ ਨੂੰ ਮੁੱਖ ਰੱਖਦਿਆਂ ਅਤੇ ਚਾਰੇ ਸਾਹਿਬਜ਼ਾਦੇ ਤੇ ਮਾਤਾ ਗੁਜਰ ਕੌਰ ਤੇ ਸਭਾ ਵਿੱਚ ਸ਼ਹੀਦ ਹੋਏ ਸਾਰੇ ਸਿੰਘਾਂ ਸਿੰਘਣੀਆਂ ਨੂੰ ਸਮਰਪਿਤ ਪਿਛਲੇ ਸਾਲਾਂ ਦੀ ਤਰ੍ਹਾਂ ਸ੍ਰੀ ਮਾਛੀਵਾੜਾ ਸਾਹਿਬ ਇਲਾਕਾ ਨਿਵਾਸੀਆਂ ਵਲੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਕੀਤੀ ਜਾ ਰਹੀ ਹੈ। ਇਸ ਸਬੰਧ ਵਿਚ ਮਾਲਟਨ ਗੁਰੂ ਘਰ ਵਿਖੇ ਮਿਤੀ 23 ਦਸੰਬਰ ਨੂੰ ਅਖੰਡ ਪਾਠ ਸਾਹਿਬ ਅਰੰਭ ਹੋਣਗੇ ਜਿਹਨਾਂ ਦੇ ਭੋਗ 25 ਦਸੰਬਰ ਨੂੰ ਮੇਨ ਹਾਲ ਵਿੱਚ ਪਾਏ ਜਾਣਗੇ। ਕਿਰਪਾ ਕਰਕੇ ਸਭ ਸੰਗਤ ਤਿੰਨ ਦਿਨ ਗੁਰੂ ਘਰ ਵਿਖੇ ਹੁੰਮ ਹੁਮਾ ਕੇ ਪਹੁੰਚਣ ਦੀ ਕਿਰਪਾਲਤਾ ਕਰੋ ਜੀ।

ਹੋਰ ਜਾਣਕਾਰੀ ਲਈ ਸੰਪਰਕ ਕਰੋ ਜੀ - ਗੁਰਪ੍ਰੀਤ ਸਿੰਘ ਉਪਲ 647-207-1887, ਸਤਪਾਲ ਸਿੰਘ ਗਰੇਵਾਲ 519-405-0075, ਜਸਵੰਤ ਸਿੰਘ 647-207-1887, ਉਜਾਗਰ ਸਿੰਘ ਗਿੱਲ 647-203-4090, ਕਾਕਾ ਸਿੰਘ ਤੱਖਰਾ 647-400-9991

The Mortgage Centre
We work for you, not the lenders.




| Debt Consolidation | Renovations & Repairs | Avoiding High penalities |
|---|---|---|

No Credit or becon score check.
No income verifiaction.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice.....
We're here to help.
* Competitive rates
* Flexible terms
* Fast approval process

For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
The Mortgage Centre -4040 Steeles Avenue West Unit#5 Woodbridge, ON, L4L 4Y5

Rexdale Financial Services



Urgently Need New Listings in Brampton/Caledon
visit: www.teamjagaujla.com



Call JAG AUJLA
MCNE, REAL ESTATE BROKER
DIR: 416-371-7777
j.aujla@rogers.com www.jagaujla.com
Follow Us:

CALL JAG FOR A QUICK & FREE HOME EVALUATION
www BramptonTopRealtor.com www BramptonTopAgent.com

URGENTLY NEED NEW LISTINGS IN THIS AREA
RECENTLY LISTED/SOLD IN YOUR NEIGHBOURHOOD BY JAG AUJLA

NEW Listing in *BRAMPTON*
Hwy 10/Sandalwood/Braidwood
50 ਫੁੱਟ ਦਾ ਡਿਟੈਚਡ ਹਾਊਸ Approx. 2500sq.ft. 4 ਬੈਡਰੂਮ + 3 ਵਾਸ਼ਰੂਮ, $70K ਦੇ ਅਪਗਰੇਡ, ਮਾਸਟਰ ਬੈਡਰੂਮ with 4-ਪੀਸ ਇਨਸੂਇਟ ਅਤੇ Walk-in ਕਲੋਜ਼ਿਟ, No ਕਾਰਪੇਟ, 6 ਪਾਰਕਿੰਗ, Quartz ਕਾਊਂਟਰਟੌਪ, 64"Built-in Fridge, Extra furnance, Heated Garage, Sec camera, storage in backyard.

Listed in *BRAMPTON*
Bovaird/Mclaughlin/Fletchers Creek Blvd
2000 sq.ft. ਸੈਮੀ-ਡਿਟੈਚਡ ਹਾਊਸ 4+1 ਬੈਡਰੂਮ + 4 ਵਾਸ਼ਰੂਮ, 1 ਬੈਡਰੂਮ ਫਿਨੀਸ਼ਡ ਬੇਸਮੈਂਟ with separate entrance. Double door entry, ਮਾਸਟਰ ਬੈਡਰੂਮ with 5-ਪੀਸ ਇਨਸੂਇਟ, Walk-in ਕਲੋਜ਼ਿਟ, Laundary on 2nd ਫਲੋਰ ਅਤੇ ਬੇਸਮੈਂਟ। Newly ਅਪਗਰੇਡੀਡ।

Listed in *MISSISSAUGA*
Burnhamthorpe/Confederation
900-999 sq.ft. ਲੇਕ ਵੀਊ, 2 ਬੈਡਰੂਮ + 1 ਵਾਸ਼ਰੂਮ ਵੱਡੀਆਂ ਕੀੱਚਨ ਕੇਬਨਿਟ, ਨਵਾਂ ਪੇਂਟ, ਨਵੇਂ ਲੈਮੀਨੇਟ ਫਲੋਰ, Huge ਬਾਲਕੋਨੀ, 2 ਪਾਰਕਿੰਗ (ਲਿਫਟ ਦੇ ਬਿਲੱਕੁਲ ਨੇੜੇ), ਸਾਰੀਆਂ ਸਹੂਲਤਾਂ ਦੇ ਕੋਲ- Square One, Celebration Square, Grand Park Plaza, Sheridan College, YMCA & much more.

NEW Listing in *BRAMPTON*
Chinguacousy/Williams Pkwy/Bovaird
ਡਿਟੈਚਡ ਹਾਊਸ Approx. 2000sq.ft. 4+1 ਬੈਡਰੂਮ +4 ਵਾਸ਼ਰੂਮ, ਫਿਨੀਸ਼ਡ ਬੇਸਮੈਂਟ with 1 ਬੈਡ+Rec Rm+4pc ਵਾਸ਼ਰੂਮ, ਡਬਲ-ਡੋਰ entrance, ਮਾਸਟਰ ਬੈਡਰੂਮ with 5-ਪੀਸ ਇਨਸੂਇਟ ਅਤੇ Walk-in ਕਲੋਜ਼ਿਟ, Electric Fireplace, Extended concreted ਡਰਾਈਵੇਅ, storage in backyard, pond & more.

Listed in *BRAMPTON*
Bramalea/Queen St/Hwy 7
1301 sq.ft. Corner End-Unit Apartment 3 ਬੈਡਰੂਮ + 2 ਵਾਸ਼ਰੂਮ 1 ਕਾਰ ਪਾਰਕਿੰਗ + ਸਟੋਰੇਜ ਨਾਲ, ਲੈਮੀਨੇਟ ਅਤੇ ਸਿਰਾਮੀਕ ਫਲੋਰ, No ਕਾਰਪੇਟ। Huge ਕੀੱਚਨ, ਮਾਸਟਰ ਬੈਡਰੂਮ with 2-ਪੀਸ ਇਨਸੂਇਟ ਅਤੇ ਖੁੱਲੀ ਕਲੋਜ਼ਿਟ, Walking distance to Bramalea City Centre & more.

SOLD in *BRAMPTON*
Clarkway/Cottrelle/Hwy 50
2100 sq.ft. ਸੈਮੀ-ਡਿਟੈਚਡ ਹਾਊਸ, 4+2 ਬੈਡਰੂਮ, 4 ਵਾਸ਼ਰੂਮ 2 ਬੈਡਰੂਮ, ਫਿਨੀਸ਼ਡ ਬੇਸਮੈਂਟ, 9 ਫੁੱਟ ਸੀਲਿੰਗ, Quartz ਕਾਊਂਟਰਟੌਪ, 5-ਪੀਸ ਇਨਸੂਇਟ ਅਤੇ His & Her ਕਲੋਜ਼ਿਟ, Laundary on ਮੇਨ ਫਲੋਰ ਅਤੇ ਬੇਸਮੈਂਟ ਵਿੱਚ। ਸਹੂਲਤਾਂ ਦੇ ਬਹੁਤ ਨੇੜੇ: ਗਰਸਰੀ ਸਟੋਰ, Shoppers, Pizza Pizza & more.

FREE
✓ Full MLS Services
✓ Consistently Marketing Your Property Until SOLD
✓ Staging Consultation
✓ Billboard, Flyer, Newspaper
✓ Online Promotion
✓ Professional Pictures and Virtual Tour
✓ Social media & Radio Advertisement
✓ Open House Until Sold
✓ Competitive Rates, Exceptional Service & Award Winning Results

RE/MAX Realty Specialists Inc. Brokerage
Off: 905-456-3232
Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
SEPTEMBER 2022



PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



•Mortgage Financing
•Tax/Capital Gain
•Divorce/Separation of Assets
•Litigation Support
•Pre-listing Appraisals

Gurpreet Purba 416-669-1423
Broker, CRA www.purbahomes.com